## ਜ਼ਰੂਰੀ ਸੂਚਨਾ

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖ਼ਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551



Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 4 ■ ਅੰਕ 306 ■ 30 ਜਨਵਰੀ 2026 ■ ਸ਼ੁੱਕਰਵਾਰ ■ ਸਫ਼ੇ 6 ■ ਮੁੱਲ 2 ਰੁਪਏ ■ ਸ੍ਰੀ ਮੁਕਤਸਰ ਸਾਹਿਬ



## ਪੱਤਰਕਾਰਾਂ ਦੀ ਲੋੜ ਹੈ

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖ਼ਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

ਮੋ. 78890-72071


## ਮਾਛੀਵਾੜਾ ਦੇ ਇਕ ਮੈਡੀਕਲ ਸਟੋਰ ਤੇ ਪੁਲਿਸ ਵੱਲੋਂ ਛਾਪੇਮਾਰੀ, 2695 ਕੈਪਸੂਲ ਅਤੇ 1000 ਗੋਲੀ ਬਰਾਮਦ

**ਮਾਛੀਵਾੜਾ ਸਾਹਿਬ 29 ਜਨਵਰੀ (ਮਾਸਟਰ ਸਤੀਸ਼ ਕੁਮਾਰ)**- ਪੰਜਾਬ ਪੁਲਿਸ ਦੀ ਨਸ਼ਾ ਵਿਰੋਧੀ ਮੁਹਿੰਮ ਦੇ ਤਹਿਤ ਅੱਜ ਡੀ.ਐਸ.ਪੀ. ਸਮਰਾਲਾ ਤਰਲੋਚਨ ਸਿੰਘ ਦੀ ਅਗਵਾਈ ਹੇਠ ਇੱਕ ਮੈਡੀਕਲ ਸਟੋਰ 'ਤੇ ਛਾਪਾ ਮਾਰਿਆ ਗਿਆ। ਡੀ.ਐਸ.ਪੀ. ਸਮਰਾਲਾ ਨੇ ਦੱਸਿਆ ਕਿ ਐਸ.ਐਸ.ਪੀ.ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਹੇਠ ਇਲਾਕੇ ਵਿੱਚ ਨਸ਼ਾ ਤਸਕਰਾਂ ਖਿਲਾਫ ਮੁਹਿੰਮ ਚਲਾਈ ਜਾ ਰਹੀ ਹੈ। ਇੱਕ ਸੂਚਨਾ 'ਤੇ ਕਾਰਵਾਈ ਕਰਦਿਆਂ, ਸੀ.ਏ. ਸਟਾਫ ਖੰਨਾ ਦੇ ਇੰਚਾਰਜ ਇੰਸਪੈਕਟਰ ਆਕਾਸ਼ ਦੱਤ, ਐਸ.ਐਚ.ਓ. ਸਮਰਾਲਾ ਇੰਸਪੈਕਟਰ ਹਰਵਿੰਦਰ ਸਿੰਘ ਅਤੇ ਡਰੱਗ ਇੰਸਪੈਕਟਰ ਅਮਰਜੀਤ ਸਿੰਘ ਦੀ ਸ਼ਮੂਲੀਅਤ ਵਾਲੀਆਂ ਪੁਲਿਸ ਟੀਮਾਂ ਨੇ ਮਾਛੀਵਾੜਾ ਵਿੱਚ ਇੱਕ ਮੈਡੀਕਲ ਸਟੋਰ 'ਤੇ ਛਾਪਾ ਮਾਰਿਆ। ਤਲਾਸ਼ੀ ਦੌਰਾਨ ਸਟੋਰ ਤੋਂ 2,695 ਕੈਪਸੂਲ ਅਤੇ 1,000 ਗੋਲੀਆਂ ਪਾਬੰਦੀਸ਼ੁਦਾ ਬਰਾਮਦ ਕੀਤੀਆਂ। ਪੁਲਿਸ ਨੇ ਸਟੋਰ ਦੇ ਮਾਲਕ, ਸੁਖਦੇਵ ਸਿੰਘ ਅਤੇ ਦੁਕਾਨ ਤੇ ਕੰਮ ਕਰਦੇ ਕਰਮਚਾਰੀ ਨੂੰ ਪਾਬੰਦੀਸ਼ੁਦਾ ਕੈਪਸੂਲਾਂ ਅਤੇ ਗੋਲੀਆਂ ਸਮੇਤ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਹੋਰ ਜਾਂਚ ਕੀਤੀ ਜਾ ਰਹੀ ਹੈ।

**ਸਮਰਾਲਾ ਤੋਂ 2000 ਕੈਪਸੂਲ ਵੀ ਬਰਾਮਦ ਕੀਤੇ ਗਏ**

ਡੀ.ਐਸ.ਪੀ.ਸਮਰਾਲਾ ਨੇ ਦੱਸਿਆ ਕਿ ਕੱਲ੍ਹ ਇਸੇ ਮਾਮਲੇ ਨਾਲ ਜੁੜੇ ਇੱਕ ਵਿਅਕਤੀ ਤੋਂ ਸਮਰਾਲੇ 2000 ਪਾਬੰਦੀਸ਼ੁਦਾ ਕੈਪਸੂਲ ਬਰਾਮਦ ਕੀਤੇ ਗਏ ਸਨ। ਹੋਰ ਜਾਂਚ ਵਿੱਚ ਮਾਛੀਵਾੜਾ ਦੇ ਇਸ ਮੈਡੀਕਲ ਸਟੋਰ ਦਾ ਨਾਮ ਸਾਹਮਣੇ ਆਇਆ। ਉਨ੍ਹਾਂ ਕਿਹਾ ਕਿ ਦੋਵੇਂ ਮਾਮਲੇ ਉਸੇ ਮੈਡੀਕਲ ਸਟੋਰ ਨਾਲ ਜੁੜੇ ਹੋਏ ਹਨ, ਜਿੱਥੋਂ ਅੱਜ ਵੱਡੀ ਮਾਤਰਾ ਵਿੱਚ ਨਸ਼ੀਲੇ ਕੈਪਸੂਲ ਅਤੇ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ।

# ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਨਾਰਕੋ-ਅੱਤਵਾਦ ਨੈੱਟਵਰਕ ਦਾ ਪਰਦਾਫਾਸ਼; 42.9 ਕਿਲੋਗ੍ਰਾਮ ਹੈਰੋਇਨ, 4 ਹੈਂਡ ਗ੍ਰਨੇਡ, ਇੱਕ ਪਿਸਤੌਲ ਬਰਾਮਦ

**• ਜਾਂਚ ਦੌਰਾਨ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ; ਅਗਲੇਰੀ ਜਾਂਚ ਜਾਰੀ: ਡੀਜੀਪੀ ਗੌਰਵ ਯਾਦਵ • ਵਿਲੇਜ ਡਿਫੈਂਸ ਕਮੇਟੀ ਰਾਹੀਂ ਪ੍ਰਾਪਤ ਜਾਣਕਾਰੀ ਸਦਕਾ ਇਸ ਮਾਡਿਊਲ ਦਾ ਪਰਦਾਫਾਸ਼ ਕਰਨ ਵਿੱਚ ਮਿਲੀ ਮਦਦ: ਡੀਆਈਜੀ ਸੰਦੀਪ ਗੋਇਲ • ਦੋਸ਼ੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਜਾਂਚ ਜਾਰੀ: ਐਸਐਸਪੀ ਸੁਹੇਲ ਕਾਸਿਮ ਮੀਰ**

**ਚੰਡੀਗੜ੍ਹ/ਅੰਮ੍ਰਿਤਸਰ, 29 ਜਨਵਰੀ (ਸੋਨੂ ਨਰੂਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਵਿਲੇਜ ਡਿਫੈਂਸ ਕਮੇਟੀ (ਵੀਡੀਸੀ) ਦੇ ਸਹਿਯੋਗ ਨਾਲ 42.9 ਕਿਲੋਗ੍ਰਾਮ ਹੈਰੋਇਨ, ਚਾਰ ਹੈਂਡ ਗ੍ਰਨੇਡ ਅਤੇ ਇੱਕ ਸਟਾਰ-ਮਾਰਕ ਪਿਸਤੌਲ ਸਮੇਤ 46 ਜ਼ਿੰਦਾ ਕਾਰਤੂਸ ਬਰਾਮਦ ਕਰਕੇ ਸਰਹੱਦ ਪਾਰੋਂ ਨਾਰਕੋ-ਅੱਤਵਾਦ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਇਹ ਆਪਰੇਸ਼ਨ ਵੀਡੀਸੀਜ਼ - ਪੰਜਾਬ ਸਰਕਾਰ ਦੀ ਪ੍ਰਮੁੱਖ ਪਹਿਲਕਦਮੀ ਜਿਸਦਾ ਉਦੇਸ਼ ਅੰਦਰੂਨੀ ਸੁਰੱਖਿਆ ਅਤੇ ਨਸ਼ਾ ਵਿਰੋਧੀ ਯਤਨਾਂ ਵਿੱਚ ਭਾਈਚਾਰਕ ਸ਼ਮੂਲੀਅਤ ਨੂੰ ਯਕੀਨੀ ਬਣਾਉਣਾ ਹੈ, ਜ਼ਰੀਏ ਪ੍ਰਾਪਤ ਕਾਰਵਾਈਯੋਗ ਅਤੇ ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਚਲਾਇਆ ਗਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥ, ਹਥਿਆਰ ਅਤੇ ਵਿਸਫੋਟਕ ਸਮੱਗਰੀ ਅੰਤਰਰਾਸ਼ਟਰੀ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਗਈ ਸੀ, ਜਿਸ ਨਾਲ ਇਸ ਖੇਪ ਵਿੱਚ ਸੰਗਠਿਤ ਸਰਹੱਦ ਪਾਰੋਂ ਨਾਰਕੋ-ਅੱਤਵਾਦ ਨੈੱਟਵਰਕ ਦੀ ਸ਼ਮੂਲੀਅਤ ਦਾ ਪਤਾ ਲਗਦਾ ਹੈ।

ਡੀਜੀਪੀ ਨੇ ਦੱਸਿਆ ਕਿ ਇਸ ਉਪਰੰਤ ਜਾਂਚ ਦੌਰਾਨ ਅੰਮ੍ਰਿਤਸਰ ਦੇ ਰਹਿਣ ਵਾਲੇ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਫਰਾਰ ਮੁਲਜ਼ਮਾਂ ਨੂੰ ਟਰੇਸ ਕਰਨ, ਬਰਾਮਦਗੀ ਸਬੰਧੀ ਲੜੀ ਦਾ ਪਤਾ ਲਗਾਉਣ ਅਤੇ ਵਿਆਪਕ ਸਾਜ਼ਿਸ਼ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਬਾਰਡਰ ਰੇਂਜ ਸੰਦੀਪ ਗੋਇਲ ਨੇ ਦੱਸਿਆ ਕਿ ਵੀਡੀਸੀ ਨੈੱਟਵਰਕ ਰਾਹੀਂ ਪ੍ਰਾਪਤ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਪਿੰਡ ਊਠੀਆਂ ਵਿੱਚ ਇੱਕ ਮੋਟਰਸਾਈਕਲ ਨੂੰ ਰੋਕਿਆ।

ਉਨ੍ਹਾਂ ਦੱਸਿਆ ਕਿ ਪੁਲਿਸ ਦੀ ਮੌਜੂਦਗੀ ਦਾ ਪਤਾ ਲੱਗਣ 'ਤੇ, ਸ਼ੱਕੀ ਵਿਅਕਤੀ ਹਨੇਰੇ ਦਾ ਫਾਇਦਾ ਉਠਾਉਂਦੇ ਹੋਏ ਖੇਪ ਸਮੇਤ ਮੋਟਰਸਾਈਕਲ ਛੱਡ ਕੇ ਨਾਲ ਲੱਗਦੇ ਖੇਤਾਂ ਵੱਲ ਭੱਜ ਗਏ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਤੁਰੰਤ ਆਲੇ ਦੁਆਲੇ ਦੇ ਖੇਤਾਂ ਵਿੱਚ ਇੱਕ ਯੋਜਨਾਬੱਧ ਤਲਾਸ਼ੀ ਅਭਿਆਨ ਚਲਾਇਆ ਜਿਸ ਦੇ ਨਤੀਜੇ ਵਜੋਂ ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਵਿਸਫੋਟਕਾਂ ਦੀ ਖੇਪ ਬਰਾਮਦ ਹੋਈ।

ਸੀਨੀਅਰ ਸੁਪਰਡੈਂਟ ਆਫ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਕਰਨ ਤੇ ਉਨ੍ਹਾਂ ਨੂੰ ਕਾਬੂ ਕਰਨ, ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧੀ, ਐਫਆਈਆਰ ਨੰਬਰ 26 ਮਿਤੀ 29.01.2026 ਨੂੰ ਥਾਣਾ ਰਾਜਾਸਾਂਸੀ, ਅੰਮ੍ਰਿਤਸਰ ਦਿਹਾਤੀ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21 ਅਤੇ 25 ਅਤੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 3, 4 ਅਤੇ 5 ਤਹਿਤ ਦਰਜ ਕੀਤੀ ਗਈ ਹੈ।









# ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ ਕਬਾੜੀਏ ਦੀਆਂ ਦੁਕਾਨਾਂ 'ਤੇ ਚਲਾਈ ਚੈਕਿੰਗ ਮੁਹਿੰਮ, ਚੋਰੀ ਦੇ ਸਮਾਨ ਦੀ ਖਰੀਦ-ਫਰੋਖ਼ਤ ਰੋਕਣ ਲਈ ਕਬਾੜੀਏ ਨੂੰ ਸਖ਼ਤ ਹਦਾਇਤਾਂ ਜਾਰੀ

**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਰਵੀਨਾ ਅਰੋੜਾ)**- ਪੰਜਾਬ ਸਰਕਾਰ ਅਤੇ ਡੀ.ਜੀ.ਪੀ ਪੰਜਾਬ ਜੀ ਦੀਆਂ ਹਦਾਇਤਾਂ ਅਨੁਸਾਰ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਅਮਨ-ਕਾਨੂੰਨ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹੇ ਦੀਆਂ ਚਾਰੇ ਸਬ-ਡਿਵੀਜ਼ਨਾਂ ਵਿੱਚ ਕਬਾੜੀਆਂ ਦੀਆਂ ਦੁਕਾਨਾਂ 'ਤੇ ਸਰਚ ਅਤੇ ਚੈਕਿੰਗ ਅਭਿਆਨ ਚਲਾਇਆ ਗਿਆ। ਇਸ ਮੁਹਿੰਮ ਦਾ ਮੁੱਖ ਉਦੇਸ਼ ਚੋਰੀ ਦੇ ਸਮਾਨ, ਖਾਸ ਕਰਕੇ ਮੋਟਰਾਂ, ਵਾਹਨਾਂ ਦੇ ਪਾਰਟਸ, ਟਰਾਂਸਫਾਰਮਰ, ਸੋਲਰ ਪੈਨਲ, ਬੈਟਰੀਆਂ ਆਦਿ ਦੀ ਗੈਰਕਾਨੂੰਨੀ ਖਰੀਦ-ਫਰੋਖ਼ਤ 'ਤੇ ਰੋਕ ਲਗਾਉਣਾ ਅਤੇ ਕਬਾੜੀਏ ਦੇ ਕਾਰੋਬਾਰ ਨਾਲ ਜੁੜੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣਾ ਸੀ। ਇਹ ਚੈਕਿੰਗ ਮੁਹਿੰਮ ਬਚਨ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਨਵੀਨਪਾਲ ਸਿੰਘ ਡੀ.ਐਸ.ਪੀ (ਮਲੋਟ), ਅਰੁਣ ਮੁੰਡਨ ਡੀ.ਐਸ.ਪੀ (ਗਿੱਦੜਬਾਹਾ) ਅਤੇ ਹਰਬੰਸ ਸਿੰਘ ਡੀ.ਐਸ.ਪੀ (ਲੰਬੀ) ਦੀ ਨਿਗਰਾਨੀ ਹੇਠ ਆਪਣੇ-ਆਪਣੇ ਇਲਾਕਿਆਂ ਵਿੱਚ ਅਲੱਗ-ਅਲੱਗ ਪੁਲਿਸ ਟੀਮਾਂ ਬਣਾਕੇ ਅਮਲ ਵਿੱਚ ਲਿਆਈ ਗਈ। ਚੈਕਿੰਗ ਦੌਰਾਨ ਕਬਾੜੀਏ ਦੀਆਂ ਦੁਕਾਨਾਂ 'ਤੇ ਪਏ ਸਮਾਨ ਦੀ ਬਰੀਕੀ ਨਾਲ ਜਾਂਚ ਕੀਤੀ ਗਈ ਅਤੇ ਦੁਕਾਨਦਾਰਾਂ ਨੂੰ ਕਾਨੂੰਨੀ ਜ਼ਿੰਮੇਵਾਰੀਆਂ ਸਬੰਧੀ ਅਗਾਹ ਕੀਤਾ ਗਿਆ। ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ, ਆਈ.ਪੀ.ਐਸ ਨੇ ਕਬਾੜੀਆਂ ਨੂੰ ਸਪੱਸ਼ਟ ਤੌਰ 'ਤੇ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਕਬਾੜ ਦਾ ਸਮਾਨ ਖਰੀਦਣ ਜਾਂ ਵੇਚਣ ਸਮੇਂ ਪੂਰੀ ਚੌਕਸੀ ਵਰਤਣਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਜਦੋਂ ਵੀ ਕੋਈ ਵਿਅਕਤੀ ਕਬਾੜ ਵੇਚਣ ਜਾਂ ਖਰੀਦਣ ਲਈ ਦੁਕਾਨ 'ਤੇ ਆਉਂਦਾ ਹੈ ਤਾਂ ਦੁਕਾਨਦਾਰ ਦਾ ਫਰਜ਼ ਬਣਦਾ ਹੈ ਕਿ ਹਰ ਗਾਹਕ ਦੀ ਪੂਰੀ ਪਹਿਚਾਣ (ਆਈ.ਡੀ) ਦਾ ਰਿਕਾਰਡ ਰੱਖਿਆ ਜਾਵੇ, ਸਮਾਨ ਦੀ ਪੜਤਾਲ ਕਰਨ ਤੋਂ ਬਾਅਦ ਹੀ ਖਰੀਦ ਕੀਤੀ ਜਾਵੇ, ਹਰ ਕਬਾੜੀਏ ਦੀ ਦੁਕਾਨ 'ਤੇ ਸੀ.ਸੀ.ਟੀ.ਵੀ ਕੈਮਰੇ ਲਗੇ ਹੋਣਾ ਲਾਜ਼ਮੀ ਹਨ, ਖਰੀਦੇ ਜਾਂ ਵੇਚੇ ਗਏ ਸਮਾਨ ਅਤੇ ਸੰਬੰਧਿਤ ਵਿਅਕਤੀ ਦੀ ਫੋਟੋ/ਵੀਡੀਓ ਰਿਕਾਰਡਿੰਗ ਹੋਣੀ ਚਾਹੀਦੀ ਹੈ। ਉਨ੍ਹਾਂ ਖ਼ਾਸ ਤੌਰ 'ਤੇ ਦੋ ਪਹੀਆ ਅਤੇ ਚਾਰ ਪਹੀਆ ਵਾਹਨਾਂ ਦੇ ਸਮਾਨ ਦੀ ਖਰੀਦ-ਫਰੋਖ਼ਤ ਦੌਰਾਨ ਵਿਸ਼ੇਸ਼ ਪੜਤਾਲ ਕਰਨ ਦੀ ਸਖ਼ਤ ਹਦਾਇਤ ਦਿੱਤੀ। ਐਸ.ਐਸ.ਪੀ. ਨੇ ਕਬਾੜੀਆਂ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੇ ਖੇਤਾਂ ਵਿੱਚੋਂ ਚੋਰੀ ਹੋ ਰਹੀਆਂ ਮੋਟਰਾਂ, ਟਰਾਂਸਫਾਰਮਰ, ਸੋਲਰ ਪੈਨਲ, ਬੈਟਰੀਆਂ ਆਦਿ ਨਾਲ ਸੰਬੰਧਤ ਅਪਰਾਧਾਂ ਨੂੰ ਰੋਕਣ ਲਈ ਪੁਲਿਸ ਵਿਭਾਗ ਦਾ ਪੂਰਾ ਸਹਿਯੋਗ ਦਿੱਤਾ ਜਾਵੇ। ਜੇਕਰ ਕੋਈ ਵੀ ਸ਼ੱਕੀ ਵਿਅਕਤੀ ਕਬਾੜ ਵੇਚਣ ਵਾਸਤੇ ਆਉਂਦਾ ਹੈ ਤਾਂ ਉਸ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜਲਦ ਹੀ ਇਸ ਮਕਸਦ ਲਈ ਪੁਲਿਸ ਟੀਮਾਂ ਵੱਲੋਂ ਸਮੇਂ-ਸਮੇਂ 'ਤੇ ਕਬਾੜੀਏ ਦੀਆਂ ਦੁਕਾਨਾਂ 'ਤੇ ਜਾ ਕੇ ਪਏ ਹੋਏ ਸਮਾਨ ਦੀ ਨਿਯਮਤ ਚੈਕਿੰਗ ਕਰੇਗੀ। ਹਰ ਕਬਾੜੀਏ ਨੂੰ ਆਪਣੀ ਦੁਕਾਨ 'ਤੇ ਪਏ ਸਮਾਨ ਬਾਰੇ ਇਹ ਦੱਸਣਾ ਲਾਜ਼ਮੀ ਹੋਵੇਗਾ ਕਿ ਉਹ ਸਮਾਨ ਕਿਸ ਤੋਂ ਅਤੇ ਕਿੰਨੀ ਰਕਮ ਵਿੱਚ ਖਰੀਦਿਆ ਗਿਆ ਹੈ। ਐਸ.ਐਸ.ਪੀ. ਜੀ ਨੇ ਕਿਹਾ ਕਿ ਜੇਕਰ ਕੋਈ ਦੁਕਾਨਦਾਰ ਚੋਰਾਂ ਨਾਲ ਮਿਲੀਭਗਤ ਪਾਈ ਗਈ ਤਾਂ ਸਬੰਧਿਤ ਦੁਕਾਨਦਾਰ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



## 24 ਬੋਤਲਾਂ ਨਾਜਾਇਜ਼ ਸ਼ਰਾਬ ਸਹਿਤ ਇੱਕ ਵਿਅਕਤੀ ਗ੍ਰਿਫ਼ਤਾਰ

**ਸਿਰਸਾ, 29 ਜਨਵਰੀ (ਜਗਤਾਰ ਸਮਾਲਸਰ)** ਨਜਾਇਜ਼ ਸ਼ਰਾਬ ਤਸਕਰਾਂ ਵਿਰੁੱਧ ਇੱਕ ਵਿਸ਼ੇਸ਼ ਮੁਹਿੰਮ ਦੇ ਹਿੱਸੇ ਵਜੋਂ ਪੁਲਿਸ ਸੁਪਰਡੈਂਟ ਦੀਪਕ ਸਹਾਰਨ ਦੇ ਨਿਰਦੇਸ਼ਾਂ ਹੇਠ ਕਾਰਵਾਈ ਕਰਦਿਆਂ ਸੀਆਈਏ ਸਿਰਸਾ ਪੁਲਿਸ ਨੇ ਗਸ਼ਤ ਦੌਰਾਨ ਇੱਕ ਸੂਚਨਾ 'ਤੇ ਕਾਰਵਾਈ ਕਰਦਿਆਂ ਇੱਕ ਵਿਅਕਤੀ ਨੂੰ 24 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ ਕੀਤਾ। ਸੀਆਈਏ ਇੰਚਾਰਜ ਇੰਸਪੈਕਟਰ ਧਰਮਵੀਰ ਨੇ ਦੱਸਿਆ ਕਿ ਏਲਨਾਬਾਦ ਥਾਣਾ ਖੇਤਰ ਦੇ ਪਿੰਡ ਨੀਮਲਾ ਵਿੱਚ ਸੀਆਈਏ ਪੁਲਿਸ ਦੀ ਇੱਕ ਟੀਮ ਮੌਜੂਦ ਸੀ। ਸ਼ੱਕ ਦੇ ਆਧਾਰ ਤੇ ਪੁਲਿਸ ਪਾਰਟੀ ਨੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਨਿਯਮਾਂ ਅਨੁਸਾਰ ਉਸ ਕੋਲ ਮੌਜੂਦ ਪਲਾਸਟਿਕ ਬੈਗ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ 24 ਬੋਤਲਾਂ ਦੇਸੀ ਸ਼ਰਾਬ ਬਰਾਮਦ ਕੀਤੀਆਂ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੁਭਾਸ਼ ਪੁੱਤਰ ਮਹਿੰਦਰ ਵਾਸੀ ਪਿੰਡ ਨੀਮਲਾ, ਜ਼ਿਲ੍ਹਾ ਸਿਰਸਾ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਵਿਰੁੱਧ ਏਲਨਾਬਾਦ ਪੁਲਿਸ ਸਟੇਸ਼ਨ ਵਿਖੇ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਜਾਂਚ ਏਲਨਾਬਾਦ ਪੁਲਿਸ ਥਾਣੇ ਨੂੰ ਸੌਂਪੀ ਗਈ ਹੈ।

## ਚੈੱਕ ਬਾਊਂਸ ਮਾਮਲੇ ਵਿੱਚ ਲੋੜੀਂਦਾ ਭਗੌੜਾ ਗ੍ਰਿਫ਼ਤਾਰ

**ਸਿਰਸਾ, 29 ਜਨਵਰੀ (ਜਗਤਾਰ ਸਮਾਲਸਰ)** ਪੁਲਿਸ ਸੁਪਰਡੈਂਟ ਦੀਪਕ ਸਹਾਰਨ ਦੀਆਂ ਹਦਾਇਤਾਂ 'ਤੇ ਕਾਰਵਾਈ ਕਰਦੇ ਹੋਏ ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਮਾਮਲਿਆਂ ਵਿੱਚ ਲੋੜੀਂਦੇ ਭਗੌੜਿਆਂ ਵਿਰੁੱਧ ਚਲਾਈ ਜਾ ਰਹੀ ਇੱਕ ਵਿਸ਼ੇਸ਼ ਮੁਹਿੰਮ ਤਹਿਤ ਸਿਰਸਾ ਦੀ ਇੱਕ ਪੁਲਿਸ ਟੀਮ ਨੇ ਇੱਕ ਮਹੱਤਵਪੂਰਨ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਸ਼ਾਹਪੁਰ ਬੇਗੂ ਖੇਤਰ ਤੋਂ ਚੈੱਕ ਬਾਊਂਸ ਮਾਮਲੇ ਵਿੱਚ ਲੋੜੀਂਦੇ ਇੱਕ ਭਗੌੜੇ ਨੂੰ ਗ੍ਰਿਫ਼ਤਾਰ ਕੀਤਾ ਹੈ। ਸਟਾਫ ਇੰਚਾਰਜ ਇੰਸਪੈਕਟਰ ਜਨਕ ਰਾਜ ਨੇ ਦੱਸਿਆ ਕਿ ਮਾਣਯੋਗ ਅਦਾਲਤ ਵੱਲੋਂ ਵਾਰ-ਵਾਰ ਨੋਟਿਸ ਜਾਰੀ ਕਰਨ ਦੇ ਬਾਵਜੂਦ ਦੋਸ਼ੀ ਅਦਾਲਤ ਵਿੱਚ ਪੇਸ਼ ਨਹੀਂ ਹੋਇਆ। ਮਾਣਯੋਗ ਅਦਾਲਤ ਨੇ 25 ਅਗਸਤ, 2025 ਨੂੰ ਦੋਸ਼ੀ ਸੁਰਜੀਤ ਸਿੰਘ ਨੂੰ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਕਰਨ ਲਈ ਭਗੌੜਾ ਘੋਸ਼ਿਤ ਕੀਤਾ ਸੀ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿਰੁੱਧ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਸਿਰਸਾ ਵਿਖੇ ਆਈਪੀਸੀ ਦੀ ਧਾਰਾ 209 ਤਹਿਤ ਕੇਸ ਦਰਜ ਕੀਤਾ ਗਿਆ ਸੀ ਅਤੇ ਜਾਂਚ ਪੀਓ ਸਟਾਫ ਸਿਰਸਾ ਨੂੰ ਸੌਂਪੀ ਗਈ ਸੀ। ਪੁਲਿਸ ਟੀਮ ਨੇ ਇੱਕ ਸੂਚਨਾ 'ਤੇ ਕਾਰਵਾਈ ਕਰਦਿਆਂ ਦੋਸ਼ੀ ਸੁਰਜੀਤ ਸਿੰਘ ਪੁੱਤਰ ਨਿਰੰਜਨ ਸਿੰਘ ਵਾਸੀ ਸ਼ਾਹਪੁਰ ਬੇਗੂ, ਜ਼ਿਲ੍ਹਾ ਸਿਰਸਾ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ਗਿਆ ਹੈ।

# ਹਾਦਸੇ ਵਿੱਚ ਇੱਕ ਵਿਅਕਤੀ ਗੰਭੀਰ ਜ਼ਖ਼ਮੀ

**ਗਿੱਦੜਬਾਹਾ, 29 ਜਨਵਰੀ (ਕੁਲਭੂਸ਼ਨ ਗਰਗ)** - ਗਿੱਦੜਬਾਹਾ ਮਲੋਟ ਵਿਚਕਾਰ ਪੈਂਦੇ ਪਿੰਡ ਥੇੜੀ ਵਿਖੇ ਕਾਰ ਦੇ ਹੋਏ ਹਾਦਸੇ ਵਿੱਚ ਇਕ ਵਿਅਕਤੀ ਗੰਭੀਰ ਜਖਮੀ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਬਠਿੰਡਾ ਸ੍ਰੀ ਗੰਗਾਨਗਰ ਨੈਸ਼ਨਲ ਹਾਈਵੇ ਨੰਬਰ ਸੱਤ ਤੇ ਪੈਂਦੇ ਪਿੰਡ ਥੇੜੀ ਵਿਖੇ ਇਕ ਕਾਰ ਸਵਾਰ ਸਤਬਿੰਦਰ ਸਿੰਘ ਧਾਲੀਵਾਲ ਵਾਸੀ ਮਲੋਟ ਪਿੰਡ ਹਾਲ ਅਬਾਦ ਲੁਧਿਆਣਾ ਜੋ ਕਿ ਆਈ-10 ਕਾਰ ਨੰਬਰ ਪੀਬੀ 10 ਐਚਵੀ 0754 ਵਿੱਚ ਸਵਾਰ ਹੋ ਕੇ ਬਠਿੰਡਾ ਵੱਲ ਜਾ ਰਿਹਾ ਸੀ ਤੇ ਆਪ ਹੀ ਗੱਡੀ ਨੂੰ ਚਲਾ ਰਿਹਾ ਸੀ, ਪਿੰਡ ਥੇੜੀ ਕੋਲ ਸਥਿਤ ਬਾਦਸ਼ਾਹ ਢਾਬਾ ਦੇ ਨਜਦੀਕ ਆਪਣੇ ਤੋਂ ਅੱਗੇ ਜਾ ਰਹੇ ਟਰੱਕ ਦੇ ਨਾਲ ਮਗਰੋਂ ਟਕਰਾ ਗਿਆ, ਜਿਸ ਦੇ ਸਿੱਟੇ ਵਜੋਂ ਕਾਰ ਅੱਗੇ ਤੋਂ ਬੁਰੀ ਤਰਾਂ ਨੁਕਸਾਨੀ ਗਈ ਜਦੋਂ ਕਿ ਉਹ ਵਿਅਕਤੀ ਕਾਰ ਵਿੱਚ ਬੁਰੀ ਤਰਾਂ ਫਸ ਗਿਆ, ਜਿਸਨੂੰ ਭਾਰੀ ਮੁਸ਼ੱਕਤ ਮਗਰੋ ਢਾਬੇ ਵਾਲਿਆ ਤੇ ਪਿੰਡ ਵਾਸੀਆਂ ਨੇ ਬਾਹਰ ਕੱਢਿਆ। ਮੌਕੇ ਤੇ ਮੌਜੂਦ ਲੋਕਾਂ ਨੇ ਦਸਿਆ ਕਿ ਕਾਰ ਬਹੁਤ ਤੇਜ ਰਫਤਾਰ ਨਾਲ ਟਰੱਕ ਮਗਰ ਟਕਰਾਈ ਪਰ ਕਾਰ ਦੇ ਏਅਰਬੈਗ ਖੁੱਲ ਜਾਣ ਕਰਕੇ ਹੀ ਉਸ ਵਿਅਕਤੀ ਦਾ ਕੁੱਝ ਬਚਾਅ ਹੋ ਗਿਆ। ਜਖਮੀ ਕਾਰ ਚਾਲਕ ਨੂੰ ਸਿਵਲ ਹਸਪਤਾਲ ਗਿੱਦੜਬਾਹਾ ਪਹੁੰਚਾਇਆ ਗਿਆ, ਜਦੋਂਕਿ ਕਾਰ ਨੂੰ ਪਿੰਡ ਵਾਸੀਆਂ ਨੇ ਸੜਕ ਤੋਂ ਪਾਸੇ ਕੀਤਾ ਜਿਸ ਨਾਲ ਸੜਕ ਤੇ ਟਰੈਫਿਕ ਮੁੜ ਬਹਾਲ ਹੋਇਆ।



# ਗੈਂਗਸਟਰਾਂ ਤੇ ਵਾਰ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹਾ ਸੁਧਾਰ ਘਰ ਜੇਲ੍ਹ ਵਿੱਚ ਅਚਾਨਕ ਤਲਾਸ਼ੀ ਅਭਿਆਨ, ਜੇਲ੍ਹ ਅੰਦਰ ਗੈਰਕਾਨੂੰਨੀ ਨੈਟਵਰਕਾਂ ਖਿਲਾਫ਼ ਨਿਰੰਤਰ ਕਾਰਵਾਈ ਜਾਰੀ

**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਰਵੀਨਾ ਅਰੋੜਾ)**- ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਵੱਲੋਂ ਗੈਂਗਸਟਰਾਂ, ਸ਼ਰਾਰਤੀ ਅਨਸਰਾਂ ਅਤੇ ਗੈਰਕਾਨੂੰਨੀ ਅਪਰਾਧਿਕ ਨੈਟਵਰਕਾਂ ਖ਼ਿਲਾਫ਼ ਚਲਾਈ ਜਾ ਰਹੀ ਸੂਬਾ ਪੱਧਰੀ ਮੁਹਿੰਮ ਗੈਂਗਸਟਰਾਂ ਤੇ ਵਾਰ ਦੇ ਤਹਿਤ, ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ ਆਈ.ਪੀ.ਐਸ ਦੀ ਨਿਗਰਾਨੀ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਅੱਜ ਜ਼ਿਲ੍ਹਾ ਸੁਧਾਰ ਘਰ (ਜੇਲ੍ਹ) ਵਿੱਚ ਸਖ਼ਤ ਸੁਰੱਖਿਆ ਪਹਿਰੇ ਅਤੇ ਪਹਿਰੇਵਾਜ਼ੀ ਪ੍ਰਬੰਧਾਂ ਹੇਠ ਇੱਕ ਵਿਸ਼ੇਸ਼ ਅਤੇ ਅਚਾਨਕ ਤਲਾਸ਼ੀ ਅਭਿਆਨ ਚਲਾਇਆ ਗਿਆ। ਇਹ ਅਭਿਆਨ ਜਨਤਕ ਸੁਰੱਖਿਆ, ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਉਣ ਅਤੇ ਜੇਲ੍ਹ ਅੰਦਰ ਅਨੁਸ਼ਾਸਨ ਅਤੇ ਸੁਰੱਖਿਆ ਪ੍ਰਬੰਧਾਂ 'ਤੇ ਪੂਰੀ ਤਰ੍ਹਾਂ ਪਹਿਰਾ ਕਾਇਮ ਰੱਖਣ ਦੇ ਉਦੇਸ਼ ਨਾਲ ਕੀਤਾ ਗਿਆ। ਇਹ ਵਿਸ਼ੇਸ਼ ਤਲਾਸ਼ੀ ਮੁਹਿੰਮ ਜੇਲ੍ਹ ਸੁਪਰਡੈਂਟ ਨਵਦੀਪ ਸਿੰਘ ਬਹਿਨੀਵਾਲ, ਗਗਨੇਸ਼ ਕੁਮਾਰ (ਐਸ.ਪੀ), ਰਾਹੁਲ ਗ੍ਰੋਵਰ (ਡਿਪਟੀ ਸੁਪਰਡੈਂਟ) ਦੇ ਸਹਿਯੋਗ ਨਾਲ ਅਤੇ ਬਚਨ ਸਿੰਘ, ਡੀ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਚਲਾਈ ਗਈ। ਇਸ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਤੋਂ 150 ਤੋਂ ਵੱਧ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਪੂਰੀ ਪਹਿਰੇਵਾਜ਼ੀ ਨਾਲ ਤੈਨਾਤ ਰਹੇ, ਤਾਂ ਜੋ ਕਿਸੇ ਵੀ ਕਿਸਮ ਦੀ ਲਾਪਰਵਾਹੀ ਦੀ ਗੁੰਜਾਇਸ਼ ਨਾ ਰਹੇ। ਅਧਿਕਾਰੀਆਂ ਨੇ ਦੱਸਿਆ ਕਿ ਜੇਲ੍ਹ ਅੰਦਰ ਸੁਰੱਖਿਆ 'ਤੇ ਸਖ਼ਤ ਅਤੇ ਲਗਾਤਾਰ ਪਹਿਰਾ ਰੱਖਣਾ ਬਹੁਤ ਜ਼ਰੂਰੀ ਹੈ ਕਿਉਂਕਿ ਕਈ ਵਾਰ ਅਪਰਾਧਿਕ ਤੱਤ ਜੇਲ੍ਹ ਅੰਦਰੋਂ ਹੀ ਗੈਰਕਾਨੂੰਨੀ ਸਰਗਰਮੀਆਂ ਚਲਾਉਣ ਦੀ ਕੋਸ਼ਿਸ਼ ਕਰਦੇ ਹਨ। ਇਸੇ ਲਈ ਅਜਿਹੇ ਅਚਾਨਕ ਅਤੇ ਸਖ਼ਤ ਤਲਾਸ਼ੀ ਅਭਿਆਨ ਸਮੇਂ-ਸਮੇਂ 'ਤੇ ਕੀਤੇ ਜਾਂਦੇ ਹਨ।ਤਲਾਸ਼ੀ ਅਭਿਆਨ ਦੌਰਾਨ ਜੇਲ੍ਹ ਦੀਆਂ ਸਾਰੀਆਂ ਬੈਰਕਾਂ, ਵਾਰਡਾਂ ਅਤੇ ਸਹਾਇਕ ਇਲਾਕਿਆਂ ਦੀ ਪੂਰੀ ਪਹਿਰੇਵਾਜ਼ੀ ਹੇਠ ਗਹਿਰਾਈ ਨਾਲ ਜਾਂਚ ਕੀਤੀ ਗਈ, ਕੈਦੀਆਂ ਅਤੇ ਹਵਾਲਾਤੀਆਂ ਦੀ ਨਿੱਜੀ ਤਲਾਸ਼ੀ ਲੈ ਕੇ ਉਨ੍ਹਾਂ ਦੇ ਸਮਾਨ ਦੀ ਬਰੀਕੀ ਨਾਲ ਚੈਕਿੰਗ ਕੀਤੀ ਗਈ, ਜੇਲ੍ਹ ਦੇ ਅੰਦਰੂਨੀ ਅਤੇ ਬਾਹਰੀ ਆਵਾਜਾਈ ਰਸਤੇ, ਕੰਧਾਂ ਦੇ ਕੋਨੇ, ਬਾਥਰੂਮ, ਸਟੋਰ ਅਤੇ ਹੋਰ ਸੰਦੇਹਪੂਰਨ ਥਾਵਾਂ 'ਤੇ ਸਖ਼ਤ ਪਹਿਰਾ ਲਗਾ ਕੇ ਜਾਂਚ ਕੀਤੀ ਗਈ, ਕੁਝ ਸ਼ੱਕੀ ਵਿਅਕਤੀਆਂ ਨਾਲ ਪੁੱਛਗਿੱਛ ਕਰਕੇ ਸੰਭਾਵੀ ਗੈਰਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਇਕੱਤਰ ਕੀਤੀ ਗਈ। ਪੁਲਿਸ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਜੇਲ੍ਹ ਅੰਦਰ ਬੰਦ ਗੈਂਗਸਟਰਾਂ, ਨਸ਼ਾ ਤਸਕਰਾਂ ਜਾਂ ਹੋਰ ਅਪਰਾਧਿਕ ਤੱਤਾਂ ਨੂੰ ਕਿਸੇ ਵੀ ਤਰੀਕੇ ਨਾਲ ਬਾਹਰੀ ਸੰਪਰਕ ਬਣਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਜੇਲ੍ਹ ਅੰਦਰ ਅਤੇ ਬਾਹਰ ਦੋਹਾਂ ਪਾਸਿਆਂ ਮਜ਼ਬੂਤ ਪਹਿਰੇਵਾਜ਼ੀ ਅਤੇ ਨਿਗਰਾਨੀ ਪ੍ਰਬੰਧ ਲਾਗੂ ਕੀਤੇ ਗਏ ਹਨ। ਹਰ ਅਜਿਹੀ ਕਾਰਵਾਈ ਤੋਂ ਬਾਅਦ ਵਿਸਥਾਰਪੂਰਕ ਰਿਪੋਰਟ ਤਿਆਰ ਕਰਕੇ ਕਾਨੂੰਨ ਅਨੁਸਾਰ ਅਗਲੇ ਕਦਮ ਚੁੱਕੇ ਜਾਂਦੇ ਹਨ, ਤਾਂ ਜੋ ਭਵਿੱਖ ਵਿੱਚ ਕਿਸੇ ਵੀ ਅਪਰਾਧਿਕ ਸਰਗਰਮੀ ਨੂੰ ਜੜ੍ਹ ਤੋਂ ਰੋਕਿਆ ਜਾ ਸਕੇ। ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਦੋਹਰਾਇਆ ਕਿ ਜਨਤਕ ਸੁਰੱਖਿਆ, ਅਮਨ-ਕਾਨੂੰਨ ਅਤੇ ਨਸ਼ਿਆਂ ਖ਼ਿਲਾਫ਼ ਚਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਬਣਾਉਣ ਲਈ ਅਗਾਮੀ ਸਮੇਂ ਵਿੱਚ ਵੀ ਇਸ ਤਰ੍ਹਾਂ ਦੀਆਂ ਅਚਾਨਕ ਸਰਚ, ਤਲਾਸ਼ੀ ਅਤੇ ਸਖ਼ਤ ਪਹਿਰੇਵਾਜ਼ੀ ਕਾਰਵਾਈਆਂ ਨਿਰੰਤਰ ਜਾਰੀ ਰਹਿਣਗੀਆਂ। ਅੰਤ ਵਿੱਚ ਪੁਲਿਸ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਸ੍ਰੀ ਮੁਕਤਸਰ ਸਾਹਿਬ ਪੁਲਿਸ ਜਨਤਾ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਪਹਿਰੇਵਾਜ਼ ਬਣੀ ਹੋਈ ਹੈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਹਰ ਤੱਤ ਖ਼ਿਲਾਫ਼ ਸਖ਼ਤ ਅਤੇ ਬਿਨਾਂ ਕਿਸੇ ਢਿੱਲ ਦੇ ਕਾਰਵਾਈ ਜਾਰੀ ਰਹੇਗੀ।



## ਪਿੰਡ ਕੋਠਾ ਗੁਰੂ ਵਿਖੇ ਬੰਚ ਨੋਟ ਸਿਪਟਰ ਏ.ਟੀ.ਐਮ. ਲਗਾਉਣ ਦੀ ਮੰਗ

**ਭਗਤਾ ਭਾਈ, 29 ਜਨਵਰੀ (ਰਾਜਿੰਦਰ ਸਿੰਘ ਮਰਾਹੜ)**- ਪਿੰਡ ਕੋਠਾ ਗੁਰੂ ਦੇ ਵਾਸੀਆਂ ਨੇ ਪੰਜਾਬ ਨੈਸ਼ਨਲ ਬੈਂਕ ਕੋਠਾ ਗੁਰੂ ਦੇ ਮੈਨੇਜਰ ਅਤੇ ਬੈਂਕ ਦੇ ਹੋਰ ਉੱਚ ਅਧਿਕਾਰੀਆਂ ਪਾਸੋਂ ਬ੍ਰਾਂਚ ਕੋਠਾ ਗੁਰੂ ਵਿਖੇ ਚੱਲ ਰਹੇ ਏ ਟੀ.ਐਮ. ਵਿੱਚ ਆਧੁਨਿਕ ਸਹੂਲਤਾਂ ਵਾਲੀ ਬੀ.ਐਨ.ਐਸ. (ਬੰਚ ਨੋਟ ਸਿਪਟਰ) ਮਸ਼ੀਨ ਲਗਾਉਣ ਦੀ ਮੰਗ ਕੀਤੀ ਹੈ। ਗੁਰਲਾਲ ਸਿੰਘ ਲਾਲੀ ਅਤੇ ਹੋਰ ਪਿੰਡ ਵਾਸੀਆਂ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੰਚ ਨੋਟ ਸਿਪਟਰ ਏ.ਟੀ.ਐਮ. ਵਿੱਚ ਪੈਸੇ ਕਢਵਾਉਣ ਦੇ ਨਾਲ-ਨਾਲ ਪੈਸੇ ਜਮਾਂ ਕਰਵਾਉਣ ਦੀ ਵੀ ਸਹੂਲਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਨਗਰ ਕੋਠਾ ਗੁਰੂ ਦੀ ਅਬਾਦੀ ਕਾਫ਼ੀ ਜ਼ਿਆਦਾ ਹੈ ਅਤੇ ਪੰਜਾਬ ਨੈਸ਼ਨਲ ਬੈਂਕ ਦੀ ਕੋਠਾ ਗੁਰੂ ਬ੍ਰਾਂਚ ਵਿਚ ਕਰੀਬ 15 ਹਜ਼ਾਰ ਖਾਤੇ ਹਨ। ਪਿੰਡ ਕੋਠਾ ਗੁਰੂ ਤੋਂ ਇਲਾਵਾ ਨਾਲ ਲੱਗਦੇ ਪਿੰਡਾਂ ਦਿਆਲਪੁਰਾ ਮਿਰਜ਼ਾ, ਮਲੂਕਾ, ਨਿਓਰ ਅਤੇ ਗੁੰਮਟੀ ਕਲਾਂ ਦੇ ਵੀ ਸੈਂਕੜੇ ਖਾਤੇ ਇਸ ਬੈਂਕ ਵਿਚ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਬੰਚ ਨੋਟ ਸਿਪਟਰ ਏ.ਟੀ.ਐਮ. ਦੀ ਸਹੂਲਤ ਬਹੁਤ ਜ਼ਰੂਰੀ ਬਣ ਚੁੱਕੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਸਹੂਲਤ ਲੈਣ ਲਈ ਦੂਰ ਦੁਰਾਡੇ ਜਾਣਾ ਪੈਂਦਾ ਹੈ। ਜਿਸ ਨਾਲ ਕੀਮਤੀ ਸਮੇਂ ਤੇ ਪੈਸੇ ਦੀ ਬਰਬਾਦੀ ਹੁੰਦੀ ਹੈ। ਪਿੰਡ ਵਾਸੀਆਂ ਨੇ ਬੈਂਕ ਦੇ ਉੱਚ ਅਧਿਕਾਰੀਆਂ ਪਾਸੋਂ ਮੰਗ ਕੀਤੀ ਕਿ ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਕੋਠਾ ਗੁਰੂ ਵਿਖੇ ਜਲਦ ਤੋਂ ਜਲਦ ਇਹ ਸਹੂਲਤ ਉਪਲਬਧ ਕਰਵਾਈ ਜਾਵੇ।

# ਸੀਆਈਏ ਸਟਾਫ਼ ਨੇ 125 ਕਿੱਲੋ ਭੁੱਕੀ ਸਣੇ ਤਿੰਨ ਜਣਿਆਂ ਨੂੰ ਕੀਤਾ ਗ੍ਰਿਫ਼ਤਾਰ




**ਬਰਨਾਲਾ, 29 ਜਨਵਰੀ (ਮਾਲਵਾ ਬਾਣੀ)** ਜ਼ਿਲ੍ਹਾ ਪੁਲਿਸ ਮੁਖੀ ਮੁਹੰਮਦ ਸਰਫ਼ਰਾਜ਼ ਆਲਮ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਾ ਤਸਕਰਾਂ ਦੇ ਖਿਲਾਫ਼ ਵਿੱਢੀ ਮੁਹਿੰਮ ਦੇ ਚਲਦਿਆਂ ਸੀਆਈਏ ਸਟਾਫ਼ ਬਰਨਾਲਾ ਦੇ ਇੰਚਾਰਜ ਇੰਸਪੈਕਟ ਬਲਜੀਤ ਸਿੰਘ ਦੀ ਅਗਵਾਈ ਹੇਠ ਸੀਆਈਏ ਦੀ ਟੀਮ ਨੇ 125 ਕਿੱਲੋਗ੍ਰਾਮ ਭੁੱਕੀ ਸਮੇਤ ਬਰਾਮਦ ਕਰਕੇ ਇੱਕ ਵਿਅਕਤੀਆਂ ਨੂੰ ਕਾਬੂ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਜਾਣਕਾਰੀ ਅਨੁਸਾਰ ਸੀਆਈਏ ਬਰਨਾਲਾ ਦੇ ਇੰਚਾਰਜ ਇੰਸਪੈਕਟਰ ਬਲਜੀਤ ਸਿੰਘ ਨੇ ਗੁਪਤ ਸੂਚਨਾ ਦੇ ਅਧਾਰ 'ਤੇ ਜਸਪ੍ਰੀਤ ਸਿੰਘ ਉਰਫ਼ ਜੱਸਾ ਵਾਸੀ ਕਾਉਂਕੇ ਕਲਾਂ ਜ਼ਿਲ੍ਹਾ ਲੁਧਿਆਣਾ ਤੇ ਗੁਰਦੀਪ ਸਿੰਘ ਉਰਫ ਗੱਗੂ ਵਾਸੀ ਹਲਵਾਰਾ ਜ਼ਿਲ੍ਹਾ ਲੁਧਿਆਣਾ ਦੇ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਦਰਜ ਕੀਤਾ। ਇਸ ਮੁਕੱਦਮੇ ਦੀ ਕਾਰਵਾਈ ਕਰਦੇ ਹੋਏ ਸਹਾਇਕ ਥਾਣੇਦਾਰ ਗੁਰਤੇਜ ਸਿੰਘ ਨੇ ਬਠਿੰਡਾ-ਬਰਨਾਲਾ ਮੇਨ ਰੋਡ 'ਤੇ ਹੰਢਿਆਇਆ ਦੇ ਨਜ਼ਦੀਕ ਉਕਤ ਜਸਪ੍ਰੀਤ ਸਿੰਘ ਜੱਸਾ ਨੂੰ 125 ਕਿਲੋਗ੍ਰਾਮ ਭੁੱਕੀ (ਪੰਜ ਬੋਰੀਆਂ) ਸਮੇਤ ਇੱਕ ਕੈਂਟਰ ਨੰਬਰੀ ਪੀਬੀ 13 ਬੀਐਸ 5575 'ਚੋਂ ਬਰਾਮਦ ਕੀਤੀਆਂ ਤੇ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ। ਦੌਰਾਨੇ ਤਫਤੀਸ਼ ਜਸਪ੍ਰੀਤ ਸਿੰਘ ਦੀ ਪੁੱਛਗਿਛ ਦੇ ਆਧਾਰ 'ਤੇ ਉਕਤ ਮੁਕੱਦਮੇ 'ਚ ਸਿਮਰਜੀਤ ਸਿੰਘ ਉਰਫ ਸਿਮਰ ਵਾਸੀ ਪਿੰਡ ਗਿੱਲ ਜ਼ਿਲ੍ਹਾ ਲੁਧਿਆਣਾ ਨੂੰ ਨਾਮਜ਼ਦ ਕੀਤਾ ਤੇ ਕਾਰਵਾਈ ਕਰਦੇ ਹੋਏ ਗੁਰਦੀਪ ਸਿੰਘ ਉਰਫ ਗੱਗੂ ਤੇ ਸਿਮਰਜੀਤ ਸਿੰਘ ਉਰਫ ਸਿਮਰ ਨੂੰ ਵੀ ਗ੍ਰਿਫ਼ਤਾਰ ਕੀਤਾ।

ਪੁੱਛਗਿੱਛ ਦੌਰਾਨ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਤੇ ਗੁਰਦੀਪ ਸਿੰਘ ਇਹ ਭੁੱਕੀ ਮਨਸੌਰ (ਮੱਧ ਪ੍ਰਦੇਸ਼) ਤੋਂ ਆਪਣੇ ਕੈਂਟਰ 'ਚ ਲਿਆ ਰਹੇ ਸੀ ਤੇ ਅੱਗੇ ਉਨ੍ਹਾਂ ਨੇ ਇਹ ਭੁੱਕੀ ਗੁਰਦੀਪ ਸਿੰਘ ਨੂੰ ਦੇਣੀ ਸੀ। ਪੁਲਿਸ ਨੇ ਦੋਸ਼ੀਆਂ ਦਾ ਰਿਮਾਂਡ ਹਾਸਿਲ ਕੀਤਾ ਹੈ ਜਿਸ ਦੌਰਾਨ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਕਾਰ, ਆਟੋ ਤੇ ਟਰਾਲੇ ਵਿਚਾਲੇ ਭਿਆਨਕ ਸੜਕ ਹਾਦਸਾ, ਫਰੀਦਕੋਟ ਦੇ ਤਿੰਨ ਵਿਅਕਤੀਆਂ ਦੀ ਮੌਕੇ 'ਤੇ ਮੌਤ, ਛੇ ਜ਼ਖ਼ਮੀ



**ਜ਼ੀਰਕਪੁਰ, 29 ਜਨਵਰੀ (ਮਾਲਵਾ ਬਾਣੀ)** ਵੀਰਵਾਰ ਦੁਪਹਿਰ ਜ਼ੀਰਕਪੁਰ ਦੇ ਪੀਆਰ-7 ਏਅਰਪੋਰਟ ਰੋਡ 'ਤੇ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਇੱਕ ਤੇਜ਼ ਰਫ਼ਤਾਰ ਫਾਰਚੂਨਰ ਕਾਰ ਨੇ ਕੰਟਰੋਲ ਗੁਆ ਦਿੱਤਾ, ਪਹਿਲਾਂ ਸੜਕ ਕਿਨਾਰੇ ਖੜ੍ਹੇ ਇੱਕ ਆਟੋਰਿਕਸ਼ਾ ਨੂੰ ਟੱਕਰ ਮਾਰ ਦਿੱਤੀ, ਅਤੇ ਫਿਰ 16-ਟਾਇਰ ਟਰਾਲੀ ਦੇ ਪਿਛਲੇ ਹਿੱਸੇ ਵਿੱਚ ਜਾ ਵੱਜੀ। ਕਾਰ ਵਿੱਚ ਸਵਾਰ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਛੇ ਹੋਰ ਗੰਭੀਰ ਜ਼ਖਮੀ ਹੋ ਗਏ। ਮ੍ਰਿਤਕਾਂ ਦੀ ਪਛਾਣ ਅਮਰੀਕ ਸਿੰਘ (68), ਬਲਬੀਰ ਸਿੰਘ (70) ਅਤੇ ਹਰਜੀਤ ਸਿੰਘ (35) ਵਜੋਂ ਹੋਈ ਹੈ, ਇਹ ਸਾਰੇ ਪੰਜਾਬ ਦੇ ਫਰੀਦਕੋਟ ਦੇ ਰਹਿਣ ਵਾਲੇ ਹਨ। ਚਸ਼ਮਦੀਦਾਂ ਅਨੁਸਾਰ ਟੱਕਰ ਦੀ ਆਵਾਜ਼ ਧਮਾਕੇ ਵਰਗੀ ਸੀ, ਜਿਸ ਨਾਲ ਆਸ-ਪਾਸ ਦੇ ਲੋਕ ਡਰ ਗਏ। ਹਾਦਸੇ ਵਿੱਚ ਫਾਰਚੂਨਰ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ। ਕਾਰ ਦਾ ਅੱਧੇ ਤੋਂ ਵੱਧ ਹਿੱਸਾ ਟਰਾਲੀ ਦੇ ਹੇਠਾਂ ਫਸ ਗਿਆ, ਜਿਸ ਕਾਰਨ ਅੰਦਰ ਬੈਠੇ ਲੋਕ ਬੁਰੀ ਤਰ੍ਹਾਂ ਜ਼ਖਮੀ ਹੋ ਗਏ।

ਇਹ ਹਾਦਸਾ ਦੁਪਹਿਰ 3:30 ਵਜੇ ਦੇ ਕਰੀਬ ਏਅਰਪੋਰਟ ਰੋਡ 'ਤੇ ਸਥਿਤ ਯਮੀ ਜੰਗਲ ਰੈਸਟੋਰੈਂਟ ਨੇੜੇ ਵਾਪਰਿਆ। ਮੋਹਾਲੀ ਨੰਬਰ ਵਾਲੀ ਚਿੱਟੇ ਫਾਰਚੂਨਰ ਵਿੱਚ ਡਰਾਈਵਰ ਸਮੇਤ ਕੁੱਲ ਅੱਠ ਲੋਕ ਸਵਾਰ ਸਨ, ਜੋ ਅੰਬਾਲਾ-ਚੰਡੀਗੜ੍ਹ ਹਾਈਵੇਅ 'ਤੇ ਮੈਕਡੋਨਲਡ ਚੌਕ ਰਾਹੀਂ ਮੋਹਾਲੀ ਤੋਂ ਫਰੀਦਕੋਟ ਜਾ ਰਹੇ ਸਨ। ਰਾਮਗੜ੍ਹ-ਭੁੱਢਾ ਅਤੇ ਸ਼ਤਾਬਗੜ੍ਹ ਲਾਈਟ ਪੁਆਇੰਟ ਪਾਰ ਕਰਨ ਤੋਂ ਬਾਅਦ, ਸੜਕ ਸਾਫ਼ ਦੇਖ ਕੇ ਡਰਾਈਵਰ ਨੇ ਗੱਡੀ ਤੇਜ਼ ਕਰ ਦਿੱਤੀ। ਥੋੜ੍ਹੀ ਦੂਰੀ ਤੈਅ ਕਰਨ ਤੋਂ ਬਾਅਦ, ਡਰਾਈਵਰ ਨੇ ਅਚਾਨਕ ਗੱਡੀ ਤੋਂ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਇਹ ਹਾਦਸਾ ਵਾਪਰਿਆ।

ਸੂਚਨਾ ਮਿਲਣ 'ਤੇ, ਸਟੇਟ ਸਪੈਸ਼ਲ ਫੋਰਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਤੁਰੰਤ ਬਚਾਅ ਕਾਰਜ ਸ਼ੁਰੂ ਕੀਤਾ। ਲੋਹੇ ਦੀਆਂ ਰਾਡਾਂ ਅਤੇ ਕਟਰਾਂ ਦੀ ਵਰਤੋਂ ਕਰਕੇ, ਉਨ੍ਹਾਂ ਨੇ ਕਾਰ ਦੇ ਦਰਵਾਜ਼ੇ ਤੋੜ ਦਿੱਤੇ ਅਤੇ ਜ਼ਖ਼ਮੀਆਂ ਨੂੰ ਬਾਹਰ ਕੱਢਿਆ। ਜ਼ਖ਼ਮੀਆਂ ਨੂੰ ਫਿਰ ਐਂਬੂਲੈਂਸ ਰਾਹੀਂ ਹਸਪਤਾਲ ਲਿਜਾਇਆ ਗਿਆ, ਜਿੱਥੇ ਤਿੰਨ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਐਸਐਸਐਫ ਅਧਿਕਾਰੀ ਸੁਨੀਲ ਕੁਮਾਰ ਨੇ ਦੱਸਿਆ ਕਿ ਫਾਰਚੂਨਰ ਟਰਾਲੀ ਦੇ ਹੇਠਾਂ ਬੁਰੀ ਤਰ੍ਹਾਂ ਫਸ ਗਈ ਸੀ। ਸ਼ੁਰੂਆਤੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਹਾਦਸਾ ਤੇਜ਼ ਰਫ਼ਤਾਰ ਅਤੇ ਡਰਾਈਵਰ ਦੇ ਕੰਟਰੋਲ ਗੁਆਉਣ ਕਾਰਨ ਹੋਇਆ ਹੈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ।

# ਮੁਫ਼ਤ ਮੈਗਾ ਹੈਲਥ ਕੈਂਪ 8 ਫਰਵਰੀ ਨੂੰ

**ਗਿੱਦੜਬਾਹਾ, 29 ਜਨਵਰੀ (ਕੁਲਭੂਸ਼ਨ ਗਰਗ)** - ਅਗਰਵਾਲ ਸਭਾ ਰਜਿ. ਗਿੱਦੜਬਾਹਾ ਵੱਲੋਂ ਯੁਵਾ ਵੈੱਲਫੇਅਰ ਸੋਸਾਇਟੀ ਰਜਿ. ਗਿੱਦੜਬਾਹਾ ਦੇ ਸਹਿਯੋਗ ਨਾਲ 8 ਫਰਵਰੀ ਨੂੰ ਮੁਫ਼ਤ ਮੈਗਾ ਹੈਲਥ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਅਗਰਵਾਲ ਸਭਾ ਦੇ ਪ੍ਰਧਾਨ ਵਨੀਤ ਜਿੰਦਲ ਮੋਂਟੀ ਨੇ ਦੱਸਿਆ ਕਿ 8 ਫਰਵਰੀ ਦਿਨ



ਐਤਵਾਰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਹਾਰਾਜਾ ਅਗਰਸੈਨ ਧਰਮਸ਼ਾਲਾ ਭਾਰੂ ਚੌਂਕ ਗਿੱਦੜਬਾਹਾ ਵਿਖੇ ਲਗਾਏ ਜਾਣ ਵਾਲੇ ਇਸ ਮੁਫ਼ਤ ਮੈਗਾ ਹੈਲਥ ਕੈਂਪ ਵਿਚ ਆਸ਼ੀਰਵਾਲ ਮਲਟੀਸਪੈਸ਼ਲਿਟੀ ਹਸਪਤਾਲ ਗਿੱਦੜਬਾਹਾ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜਾਂ ਦਾ ਚੈਕਅੱਪ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਦਿਲ ਤੇ ਛਾਤੀ ਰੋਗਾਂ ਦੇ ਮਾਹਿਰ ਡਾ. ਸੁਰਿੰਦਰ ਸਿੰਘ, ਹੱਡੀਆਂ ਦੇ ਰੋਗਾਂ ਦੇ ਮਾਹਿਰ ਡਾ. ਖੇਮਨ ਗਰੋਵਰ ਅਤੇ ਚਮੜੀ ਰੋਗਾ ਦੇ ਮਾਹਿਰ ਡਾ. ਸਮਰੀਨ ਹੁੰਦਲ ਤੋਂ ਇਲਾਵਾ ਸਿਵਲ ਹਸਪਤਾਲ ਗਿੱਦੜਬਾਹਾ ਦੇ ਮਾਨਸਿਕ ਰੋਗਾਂ ਦੇ ਮਾਹਿਰ ਡਾ. ਵਰੁਣ ਬਾਂਸਲ ਵੱਲੋਂ ਮਰੀਜਾਂ ਦਾ ਚੈਕਅੱਪ ਅਤੇ ਇਲਾਜ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਫਾਇਬੋਰ ਸਕੈਨ, ਬੀ.ਐੱਮ.ਡੀ. ਅਤੇ ਸਪੈਰੋਮੈਟਰੀ ਆਦਿ ਮਹਿੰਗੇ ਟੈਸਟ ਵੀ ਮੁਫ਼ਤ ਕਰਨ ਤੋਂ ਇਲਾਵਾ ਮਰੀਜਾਂ ਨੂੰ ਦਵਾਈਆਂ ਆਦਿ ਵੀ ਮੁਫ਼ਤ ਦਿੱਤੀਆਂ ਜਾਣਗੀਆਂ।

# ਪੰਚਮੁਖੀ ਹਨੂਮਾਨ ਤੇ ਸ਼ਨੀ ਦੇਵ ਮੰਦਰ ਕਮੇਟੀ ਵੱਲੋਂ ਏਕਾਦਸ਼ੀ ਮੌਕੇ 23ਵੀਂ ਨਿਸ਼ਾਨ ਯਾਤਰਾ ਧਾਰਮਿਕ ਉਤਸ਼ਾਹ ਨਾਲ ਸੰਪੰਨ



**ਤਪਾ ਮੰਡੀ, 29 ਜਨਵਰੀ (ਬੰਟੀ ਦੀਕਸ਼ਿਤ, ਮੇਸੀ ਤਪਾ):** ਪੰਚਮੁਖੀ ਹਨੂਮਾਨ ਅਤੇ ਸ਼ਨੀ ਦੇਵ ਮੰਦਰ ਕਮੇਟੀ ਦੀ ਅਗਵਾਈ ਹੇਠ ਏਕਾਦਸੀ ਦੇ ਪਵਿੱਤਰ ਦਿਹਾੜੇ ਮੌਕੇ 23ਵੀਂ ਨਿਸ਼ਾਨ ਯਾਤਰਾ ਸ਼ਰਧਾ ਅਤੇ ਉਤਸ਼ਾਹ ਨਾਲ ਕੱਢੀ ਗਈ।ਇਹ ਨਿਸ਼ਾਨ ਦਿਨੇਸ਼ ਕੁਮਾਰ ਪਿੰਟਾ (ਸਬਜ਼ੀ ਵਾਲੇ) ਦੇ ਨਿਵਾਸ,ਸੁਖਾਨੰਦ ਬਸਤੀ ਤੋਂ ਸ਼ੁਰੂ ਹੋਈ। ਯਾਤਰਾ ਦੌਰਾਨ ਭਗਤ ਭਜਨ-ਕੀਰਤਨ ਕਰਦੇ ਹੋਏ ਵੱਖ-ਵੱਖ ਗਲੀਆਂ ਅਤੇ ਮੁਹੱਲਿਆਂ ਵਿਚੋਂ ਗੁਜ਼ਰੇ,ਜਿਸ ਨਾਲ ਇਲਾਕਾ ਧਾਰਮਿਕ ਰੰਗ ਵਿੱਚ ਰੰਗਿਆ ਗਿਆ।ਨਿਸ਼ਾਨ ਯਾਤਰਾ ਖਾਟੂ ਸ਼ਾਮ ਮੰਦਰ ਪਹੁੰਚ ਕੇ ਸੰਪੰਨ ਹੋਈ, ਜਿੱਥੇ ਵਿਧੀਵਤ ਤੌਰ 'ਤੇ ਨਿਸ਼ਾਨ ਚੜ੍ਹਾਇਆ ਗਿਆ ਅਤੇ ਖਾਟੂ ਸ਼ਾਮ ਜੀ ਦੀ ਆਰਤੀ ਕੀਤੀ ਗਈ। ਇਸ ਮੌਕੇ ਭਗਤਾਂ ਨੇ ਸੇਵਾ,ਭਜਨ ਅਤੇ ਅਰਦਾਸ ਰਾਹੀਂ ਆਪਣੀ ਸ਼ਰਧਾ ਪ੍ਰਗਟ ਕੀਤੀ।ਸਮਾਗਮ ਵਿੱਚ ਸ਼ਾਮ ਪ੍ਰਚਾਰ ਮੰਡਲ ਸਮੇਤ ਹਰੀਸ਼ ਮਿੱਤਲ ਗੋਸ਼ਾ,ਸੁਰੇਸ਼ ਮਿੱਤਲ, ਵਿਵੇਕ, ਕਰਨ ਮਿੱਤਲ, ਚਮਨ ਕਸ਼ਿਸ਼, ਰਿੰਕੂ ਮੌੜ, ਕ੍ਰਿਸ਼ਨ, ਲਾਡੀ,ਕ੍ਰਿਸ਼ਨ ਕੁਮਾਰ,ਭਾਰਤ ਭੂਸ਼ਣ, ਦੀਪੂ ਵਰਾਇਟੀ ਸਟੋਰ,ਯੋਗੇਸ਼ ਕੁਮਾਰ,ਵਿਜੇ ਸਾਬਕਾ ਐਮਸੀ, ਕਾਲਾ ਜਨਤਾ ਬੇਕਰੀ ਅਤੇ ਸੁਭਾਸ਼ ਕਾਸਲ ਆਦਿ ਹਾਜ਼ਰ ਰਹੇ।ਕਮੇਟੀ ਵੱਲੋਂ ਸਮੂਹ ਸਹਿਯੋਗੀਆਂ ਅਤੇ ਭਗਤਾਂ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ।

# ਟੁੱਟੀ ਸੜਕ, ਟੁੱਟਦਾ ਸਬਰ: ਤਹਿਸੀਲ-ਪੀਰਖਾਨਾ ਇਲਾਕੇ ਦੀ ਮੁੱਖ ਸੜਕ ਲੋਕਾਂ ਲਈ ਬਣੀ ਸਿਰਦਰਦੀ



**ਤਪਾ ਮੰਡੀ,29 ਜਨਵਰੀ(ਬੰਟੀ ਦੀਕਸ਼ਿਤ):** ਕਰੋੜਾਂ ਦੇ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀ ਸਰਕਾਰ ਦੀ ਅਸਲੀ ਤਸਵੀਰ ਤਹਿਸੀਲ-ਪੀਰਖਾਨਾ ਰੋਡ ਇਲਾਕੇ ਵਿੱਚ ਖੁੱਲ੍ਹ ਕੇ ਸਾਹਮਣੇ ਆ ਰਹੀ ਹੈ। ਹਾਈਵੇ ਤੋਂ ਮਹੰਤ ਜੰਗੀਰ ਦਾਸ ਡੇਰਾ ਅਤੇ ਦਰਾਜ ਫਾਟਕ ਤੋਂ ਅੱਗੇ ਆਲੀਕੇ ਵੱਲ ਜਾਣ ਵਾਲੀ ਮੁੱਖ ਸੜਕ ਦੀ ਹਾਲਤ ਬਹੁਤ ਹੀ ਖਸਤਾ ਹੋਣ ਕਾਰਨ ਆਉਣ-ਜਾਣ ਵਾਲਿਆਂ ਲਈ ਸਿਰਦਰਦੀ ਬਣੀ ਹੋਈ ਹੈ।ਸੜਕ 'ਤੇ ਵੱਡੇ-ਵੱਡੇ ਖੱਡੇ ਪਏ ਹੋਏ ਹਨ,ਜਿਨ੍ਹਾਂ ਕਾਰਨ ਆਵਾਜਾਈ ਕਰਨ ਵਾਲੇ ਲੋਕ ਹਰ ਰੋਜ਼ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਇਹ ਸੜਕ ਪਿਛਲੇ ਕਈ ਸਾਲਾਂ ਤੋਂ ਟੁੱਟੀ-ਫੁੱਟੀ ਹਾਲਤ ਵਿੱਚ ਪਈ ਹੈ ਪਰ ਨਾ ਤਾਂ ਸੰਬੰਧਿਤ ਵਿਭਾਗ ਅਤੇ ਨਾ ਹੀ ਸਰਕਾਰ ਵੱਲੋਂ ਇਸ ਦੀ ਮੁਰੰਮਤ ਵੱਲ ਕੋਈ ਧਿਆਨ ਦਿੱਤਾ ਗਿਆ ਹੈ।ਸੜਕ ਦੀ ਖਸਤਾ ਹਾਲਤ ਕਾਰਨ ਇਥੇ ਅਕਸਰ ਛੋਟੇ-ਵੱਡੇ ਹਾਦਸੇ ਵਾਪਰਦੇ ਰਹਿੰਦੇ ਹਨ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਖੱਡਿਆਂ ਕਾਰਨ ਕਿਸੇ ਵੀ ਸਮੇਂ ਵੱਡਾ ਹਾਦਸਾ ਵਾਪਰ ਸਕਦਾ ਹੈ,ਜਿਸ ਦੀ ਜ਼ਿੰਮੇਵਾਰੀ ਸਿੱਧੀ ਤੌਰ 'ਤੇ ਪ੍ਰਸ਼ਾਸਨ ਦੀ ਹੋਵੇਗੀ।ਇਸ ਸੜਕ ਰਾਹੀਂ ਸਕੂਲਾਂ, ਧਾਰਮਿਕ ਸਥਾਨਾਂ,ਬਾਜ਼ਾਰਾਂ ਅਤੇ ਹੋਰ ਅਹਿਮ ਥਾਵਾਂ 'ਤੇ ਜਾਣ ਲਈ ਸੈਂਕੜੇ ਲੋਕ ਹਰ ਰੋਜ਼ ਆਉਣ-ਜਾਣ ਕਰਦੇ ਹਨ।ਵਿਦਿਆਰਥੀਆਂ,ਬਜ਼ੁਰਗਾਂ ਅਤੇ ਮਰੀਜ਼ਾਂ ਲਈ ਇਹ ਰਸਤਾ ਸਭ ਤੋਂ ਵੱਡੀ ਮੁਸ਼ਕਲ ਬਣ ਚੁੱਕਾ ਹੈ।ਲੋਕਾਂ ਦਾ ਕਹਿਣਾ ਹੈ ਕਿ ਸਰਕਾਰ ਵਿਕਾਸ ਦੇ ਨਾਅਰੇ ਤਾਂ ਬਹੁਤ ਲਗਾਉਂਦੀ ਹੈ ਪਰ ਜ਼ਮੀਨੀ ਪੱਧਰ 'ਤੇ ਵਿਕਾਸ ਦੀ ਥਾਂ ਸਿਰਫ਼ ਕਾਗਜ਼ਾਂ ਤੱਕ ਸੀਮਿਤ ਰਹਿ ਗਏ ਹਨ।ਹੁਣ ਜਦੋਂ ਕਣਕ ਦਾ ਸੀਜ਼ਨ ਨੇੜੇ ਆ ਰਿਹਾ ਹੈ,ਤਾਂ ਬਾਹਰੋਂ ਕਣਕ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਹੋਰ ਵੀ ਵਧੇਰੇ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ।ਟੁੱਟੀ ਸੜਕ ਕਾਰਨ ਟਰੈਕਟਰ-ਟਰਾਲੀਆਂ ਅਤੇ ਹੋਰ ਭਾਰੀ ਵਾਹਨਾਂ ਨੂੰ ਨੁਕਸਾਨ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਪਿਛਲੇ ਸਮੇਂ ਦੌਰਾਨ ਇਸ ਸੜਕ 'ਤੇ ਕਈ ਹਾਦਸੇ ਵੀ ਵਾਪਰ ਚੁੱਕੇ ਹਨ।ਸਥਾਨਕ ਵਸਨੀਕਾਂ,ਕਿਸਾਨਾਂ ਅਤੇ ਸਮਾਜਿਕ ਸੰਸਥਾਵਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਮੁੱਖ ਸੜਕ ਦੀ ਮੁਰੰਮਤ ਜਲਦੀ ਤੋਂ ਜਲਦੀ ਕਰਵਾਈ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ ਅਤੇ ਕਿਸੇ ਵੀ ਵੱਡੇ ਹਾਦਸੇ ਤੋਂ ਪਹਿਲਾਂ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

# ਸ੍ਰੀ ਮੁਕਤਸਰ ਸਾਹਿਬ ਵਿੱਚ ਮਹਿਲਾ ਉਧਮੀਆਂ ਲਈ ਮੇਲੇ ਦਾ ਆਯੋਜਨ



**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਲੱਕੀ ਚੜੇਵਾਨ)**- ਉਦਯੋਗ ਅਤੇ ਵਣਜ ਵਿਭਾਗ ਪੰਜਾਬ ਵੱਲੋਂ RAMP (ਰੇਜ਼ਿੰਗ ਅਤੇ ਐਕਸਲਰੇਟਿੰਗ ਐਮ ਐਸ ਐਮ ਈ) ਸਕੀਮ ਅਧੀਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਮਹਿਲਾ ਉੱਧਮੀਆਂ, ਸਵੈ ਸਹਾਇਤਾ ਸਮੂਹਾਂ ਅਤੇ ਸੂਖਮ ਲਘੂ ਅਤੇ ਮੱਧਮ ਉਦਯੋਗਿਕ ਯੂਨਿਟਾਂ ਨੂੰ ਪ੍ਰੋਤਸਾਹਨ ਦੇਣ ਲਈ ਜ਼ਿਲ੍ਹਾ ਪੱਧਰੀ ਮੇਲਾ" ਪੰਜਾਬ ਸਖੀ ਸ਼ਕਤੀ ਮੇਲਾ - ਮਹਿਲਾ ਉੱਧਮੀਆਂ ਦਾ ਸਸ਼ਕਤੀਕਰਨ" ਮੇਲਾ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਬੰਧ ਵਿੱਚ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਮਾਣਯੋਗ ਸੁਰਿੰਦਰ ਸਿੰਘ ਢਿੱਲੋਂ, ਅਡੀਸ਼ਨਲ ਡਿਪਟੀ ਕਮਿਸ਼ਨਰ (ਵਿਕਾਸ), ਸ੍ਰੀ ਮੁਕਤਸਰ ਸਾਹਿਬ ਜੀ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ, ਜਿਸ ਵਿੱਚ ਮੇਲੇ ਦੇ ਸੁਚੱਜੇ ਆਯੋਜਨ ਸੰਬੰਧੀ ਵਿਸਥਾਰਪੂਰਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਫੈਸਲਾ ਲਿਆ ਗਿਆ ਕਿ ਜ਼ਿਲ੍ਹਾ ਪੱਧਰ ਦਾ ਮੇਲਾ ਫ਼ਰਵਰੀ ਮਹੀਨੇ ਦੇ ਆਖਰੀ ਹਫ਼ਤੇ, ਗੁਰੂ ਗੋਬਿੰਦ ਸਿੰਘ ਪਾਰਕ, ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ ਵਿਖੇ ਆਯੋਜਿਤ ਕੀਤਾ ਜਾਵੇਗਾ। ਮੇਲੇ ਵਿੱਚ ਮਹਿਲਾ ਉੱਧਮੀਆਂ, ਸਵੈ ਸਹਾਇਤਾ ਸਮੂਹਾਂ, ਯੂਨਿਟਾਂ ਵੱਲੋਂ ਤਿਆਰ ਕੀਤੇ ਉਤਪਾਦਾਂ ਲਈ ਵੱਖ-ਵੱਖ ਸਟਾਲਾਂ ਦੀ ਵਿਵਸਥਾ ਕੀਤੀ ਜਾਵੇਗੀ। ਬਾਹਰਲੇ ਇਲਾਕਿਆਂ ਤੋਂ ਆਉਣ ਵਾਲੇ ਉੱਧਮੀਆਂ ਲਈ ਰਾਤ ਨੂੰ ਰਹਿਣ ਦੀ ਵਿਵਸਥਾ ਉਚਿਤ ਤੌਰ ਤੇ ਕੀਤੀ ਜਾਵੇਗੀ। ਏਡੀਸੀ ਨੇ ਕਿਹਾ ਕਿ ਇਹ ਮੇਲਾ ਸਥਾਨਕ ਮਹਿਲਾ ਉਦਯੋਗਪਤੀਆਂ ਲਈ ਆਪਣੇ ਉਤਪਾਦਾਂ ਦੀ ਮਾਰਕੀਟਿੰਗ, ਵਿਕਰੀ ਅਤੇ ਨਵੇਂ ਵਪਾਰਕ ਮੌਕੇ ਪ੍ਰਾਪਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗਾ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਜਿਲ੍ਹੇ ਦੇ ਸਥਾਨਕ ਮਹਿਲਾ ਉੱਧਮੀਆਂ ਨੂੰ ਆਪਣੇ ਉਤਪਾਦਾਂ ਦੀ ਸਟਾਲ ਲਗਾਉਣ ਲਈ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਕਿਹਾ ਅਤੇ ਜਿਲ੍ਹੇ ਦੀ ਸਾਰੀ ਆਮ ਅਤੇ ਖਾਸ ਜਨਤਾ ਨੂੰ ਇਸ ਮੇਲੇ ਤੇ ਆਉਣ ਲਈ ਖੁੱਲਾ ਸੱਦਾ ਦਿੱਤਾ ਗਿਆ। ਇਸ ਮੌਕੇ ਗੁਰਨਿਸ਼ਾਨ ਸਿੰਘ ਹੇਅਰ ਫੰਕਸ਼ਨਲ ਮੈਨੇਜਰ ਅਤੇ ਸੰਗੀਤ ਸਰੋਤਾ, ਫੰਕਸ਼ਨਲ ਮੈਨੇਜਰ, ਜਿਲ੍ਹਾ ਉਦਯੋਗ ਕੇਂਦਰ, ਸ੍ਰੀ ਮੁਕਤਸਰ ਸਾਹਿਬ, ਰਮਣੀਕ , ਜਿਲ੍ਹਾ ਪ੍ਰੋਗਰਾਮ ਮੈਨੇਜਰ ਪੀ.ਐਸ.ਆਰ. ਐਲ.ਐਮ., ਮਿਸ ਮਨਪ੍ਰੀਤ ਕੌਰ, ਬਲਾਕ ਪੱਧਰ ਪ੍ਰਸਾਰ ਅਫਸਰ, ਜਿਲ੍ਹਾ ਉਦਯੋਗ ਕੇਂਦਰ, ਸ੍ਰੀ ਮੁਕਤਸਰ ਸਾਹਿਬ, ਸੰਦੀਪ ਸਿੰਘ ਅਤੇ ਗੁਰਮੀਤ ਸਿੰਘ ਆਦਿ ਹਾਜ਼ਰ ਸਨ।

# ਗਿਆਰਸ (ਏਕਾਦਸ਼ੀ) ਦੇ ਪਾਵਨ ਮੌਕੇ ਸ਼ਰਧਾਲੂਆਂ ਦਾ ਇਕ ਜੱਥਾ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਰਵਾਨਾ



**ਗਿੱਦੜਬਾਹਾ, 29 ਜਨਵਰੀ (ਕੁਲਭੂਸ਼ਨ ਗਰਗ)** – ਸ਼੍ਰੀ ਸ਼ਿਆਮ ਸੇਵਾ ਮੰਡਲ ਗਿੱਦੜਬਾਹਾ ਵੱਲੋਂ ਗਿਆਰਸ ਦੇ ਸਬੰਧ ਵਿੱਚ ਇਲਾਕੇ ਦੇ ਸ਼ਰਧਾਲੂਆਂ ਲਈ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾ ਲਈ ਇੱਕ ਸਪੈਸ਼ਲ ਬੱਸ ਗਿੱਦੜਬਾਹਾ ਤੋਂ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ ਗਈ ਹੈ। ਬੀਤੀ ਰਾਤ ਸ਼੍ਰੀ ਸ਼ਿਆਮ ਸੇਵਾ ਮੰਡਲ ਗਿੱਦੜਬਾਹਾ ਵੱਲੋਂ ਗਿਆਰਸ ਦੇ ਸ਼ੁਭ ਅਵਸਰ ਤੇ ਇਕ ਬੱਸ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼੍ਰੀ ਸ਼ਿਆਮ ਸੇਵਾ ਮੰਡਲ ਗਿੱਦੜਬਾਹਾ ਦੇ ਪ੍ਰਧਾਨ ਰਾਜਿੰਦਰ ਸਿੰਗਲਾ ਨੇ ਦੱਸਿਆ ਕਿ ਗਿਆਰਸ (ਏਕਾਦਸ਼ੀ) ਦੇ ਪਾਵਨ ਮੌਕੇ 'ਤੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਸ਼ਿਆਮ ਪ੍ਰੇਮੀ ਬਾਬਾ ਖਾਟੂ ਸ਼ਿਆਮ ਦੇ ਦਰਸ਼ਨਾਂ ਲਈ ਰਾਜਸਥਾਨ ਦੇ ਸੀਕਰ ਸਥਿਤ ਧਾਮ ਵੱਲ ਰਵਾਨਾ ਹੋ ਰਹੇ ਹਨ। ਉਨਾਂ ਨੇ ਦੱਸਿਆ ਕਿ ਉਕਤ ਬੱਸ ਨੂੰ ਗਿੱਦੜਬਾਹਾ ਦੇ ਹਰੀਸ਼ ਗਰਗ ਪੁੱਤਰ ਨਵੀਨ ਗਰਗ ਵਲੋਂ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਉਨਾਂ ਨੇ ਦੱਸਿਆ ਕਿ ਉਕਤ ਬੱਸ ਵਿੱਚ ਲਗਭਗ 57 ਸ਼ਰਧਾਲੂਆਂ ਦਾ ਜੱਥਾ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਇਆ ਅਤੇ ਸ਼ਰਧਾਲੂਆਂ ਦੇ ਰਹਿਣ ਅਤੇ ਖਾਣ ਪੀਣ ਦਾ ਪ੍ਰਬੰਧ ਸੰਸਥਾ ਵੱਲੋਂ ਕੀਤਾ ਗਿਆ ਹੈ। ਉਕਤ ਬੱਸ ਸ਼੍ਰੀ ਸਾਲਾਸਰ ਧਾਮ ਅਤੇ ਖਾਟੂ ਸ਼ਿਆਮ ਦੇ ਦਰਸ਼ਨ ਕਰਵਾਉਂਦੀ ਹੋਈ ਵਾਪਸੀ ਸਮੇਂ ਇੱਛਾ ਪੂਰਨ ਮੰਦਿਰ ਦੇ ਦਰਸ਼ਨ ਕਰਵਾਉਣ ਤੋਂ ਬਾਅਦ ਗਿੱਦੜਬਾਹਾ ਵਾਪਸ ਪਹੁੰਚੇਗੀ। ਇਸ ਮੌਕੇ ਰਜਿੰਦਰ ਸਿੰਗਲਾ, ਧਰਮਪਾਲ ਸਿੰਘ ਰਿੰਕੂ ਢੱਲਾ, ਰਾਹੁਲ ਮੰਗਲਾ, ਹੈਪੀ ਸ਼ਰਮਾ, ਨਵੀਨ ਗਰਗ ਅਤੇ ਬਾਂਕੇ ਲਾਲ ਆਦਿ ਹਾਜ਼ਰ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਵਿਖੇ ਜਿਨਸੀ ਸ਼ੋਸ਼ਣ ਜਾਗਰੂਕਤਾ ਭਾਸ਼ਣ ਕਰਵਾਇਆ ਗਿਆ








**ਦੋਰਾਹਾ 29 ਜਨਵਰੀ (ਗੁਰਵੀਰ ਸਿੰਘ ਮਾਂਗਟ)** ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਵਿਖੇ ਕਮੇਟੀ ਅਗੇਂਸਟ ਸੈਕਸ਼ੂਅਲ ਹਰਾਸਮੈਂਟ ਅਤੇ ਇੰਟਰਨਲ ਕੰਪਲੇਂਟ ਕਮੇਟੀ ਵੱਲੋਂ ਜਿਨਸੀ ਸ਼ੋਸ਼ਣ ਨੂੰ ਰੋਕਣ ਸੰਬੰਧੀ ਜਾਗਰੂਕਤਾ ਲੈਕਚਰ ਕਰਵਾਇਆ ਜਿਸ ਵਿੱਚ ਡਾ. ਸ਼ਵੇਤਾ ਢੰਡ, ਕਾਰਜਕਾਰੀ ਪ੍ਰਿੰਸੀਪਲ, ਜੀ.ਐਚ. ਜੀ ਇੰਸਟੀਚਿਊਟ ਆਫ਼ ਲਾਅ, ਸਿੱਧਵਾਂ ਖੁਰਦ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਮੁੱਖ ਵਕਤਾ ਡਾ. ਸ਼ਵੇਤਾ ਢੰਡ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਔਰਤਾਂ ਅਤੇ ਵਿਦਿਆਰਥੀਆਂ ਨੂੰ ਕੰਮ ਦੀ ਜਗ੍ਹਾ ਤੇ ਹੋਣ ਵਾਲੇ ਜਿਨਸੀ ਸ਼ੋਸ਼ਣਾਂ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ। ਅੱਜ ਦੇ ਸਮੇਂ ਵਿੱਚ ਔਰਤਾਂ ਨੂੰ ਮਨੋਵਿਗਿਆਨਕ, ਸਰੀਰਕ, ਆੱਨਲਾਈਨ ਅਤੇ ਮੌਖਿਕ ਆਦਿ ਵੱਖ-ਵੱਖ ਤਰ੍ਹਾਂ ਦੇ ਜਿਨਸੀ ਸ਼ੋਸ਼ਣਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਅਜਿਹੀ ਸਥਿਤੀ ਨੂੰ ਨਜਿੱਠਣ ਲਈ ਉਨ੍ਹਾਂ ਨੇ ਵਿਦਿਆਰਥੀਆਂ ਨੂੰ POSH ACT 2013 ਬਾਰੇ ਵਿਸਥਾਰ ਸਹਿਤ ਸਮਝਾਇਆ। ਇਸ ਅਵਸਰ 'ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੋਧਨ ਕਰਦਿਆਂ ਇਸ ਉਪਰਾਲੇ ਲਈ ਕਮੇਟੀ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਅਜਿਹੇ ਉਪਰਾਲੇ ਉਲੀਕਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਵੱਲੋਂ ਮੁੱਖ ਵਕਤਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਡਾ. ਅਮਨਦੀਪ ਕੁਲਾਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਡਾ. ਨਿਰਲੇਪ ਕੌਰ ਵੱਲੋਂ ਨਿਭਾਈ ਗਈ। ਇਸ ਗਤੀਵਿਧੀ ਦੇ ਆਯੋਜਨ ਵਿੱਚ ਪ੍ਰੋ. ਰਣਜੀਤ ਕੌਰ, ਡਾ. ਨਿਰਲੇਪ ਕੌਰ, ਡਾ. ਅਮਨਦੀਪ ਕੁਲਾਰ ਅਤੇ ਪ੍ਰੋ. ਗੁਰਦੀਪ ਸਿੰਘ ਨੇ ਯੋਗਦਾਨ ਪਾਇਆ। ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਿਤ ਪ੍ਰਾਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਜ਼ਿਲ੍ਹਾ ਸੰਗਰੂਰ ਪੁਲਿਸ ਦੀ ਤੁਰੰਤ ਕਾਰਵਾਈ !



ਸਵੇਰੇ ਕਰੀਬ 3:30 ਵਜੇ, ਜ਼ਿਲ੍ਹਾ ਸੰਗਰੂਰ ਪੁਲਿਸ ਦੀ ਈ.ਆਰ.ਵੀ. ਟੀਮ ਨੂੰ ਸੜਕ ਕਿਨਾਰੇ ਇੱਕ 3 ਸਾਲਾਂ ਦਾ ਬੱਚਾ ਲਾਵਾਰਿਸ ਹਾਲਤ ਵਿੱਚ ਮਿਲਿਆ। ਤੁਰੰਤ ਕਾਰਵਾਈ ਕਰਦਿਆਂ ਪਹਿਲਾਂ ਮੁੱਢਲੀ ਸਹਾਇਤਾ ਦਿੱਤੀ ਗਈ ਅਤੇ ਸਮੇਂ-ਸਿਰ ਉਸਦੇ ਮਾਪਿਆਂ ਦੀ ਪਛਾਣ ਕਰਕੇ ਬੱਚੇ ਨੂੰ ਸੁਰੱਖਿਅਤ ਤੌਰ 'ਤੇ ਥਾਣਾ ਸਿਟੀ ਧੂਰੀ ਵੱਲੋਂ ਉਸਦੇ ਪਿਤਾ ਦੇ ਹਵਾਲੇ ਕੀਤਾ ਗਿਆ।

**ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਸੰਗਰੂਰ।**

# ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿੱਚ 'ਵੋਟਰ ਦਿਵਸ' ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ



**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਲੱਕੀ ਚੜੇਵਾਨ)** ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿੱਚ ਕਾਲਜ ਪ੍ਰਿੰਸੀਪਲ ਸ੍ਰੀਮਤੀ ਮੰਜੂ ਕਪੂਰ ਜੀ ਦੀ ਅਗਵਾਈ ਅਤੇ ਵਾਇਸ ਪ੍ਰਿੰਸੀਪਲ ਡਾ ਹਰਦਵਿੰਦਰ ਬਰਾੜ ਦੇ ਯਤਨਾਂ ਸਦਕਾ ਕਾਲਜ ਦੇ ਐਨ ਐਸ ਐਸ ਯੂਨਿਟ ਅਤੇ ਮੇਰਾ ਯੁਵਾ ਭਾਰਤ ਸ੍ਰੀ ਮੁਕਤਸਰ ਸਾਹਿਬ ਦੇ ਸਾਂਝੇ ਸਹਿਯੋਗ ਨਾਲ 'ਮੇਰਾ ਭਾਰਤ ਮੇਰਾ ਵੋਟ' ਵਿਸ਼ੇ ਅਧੀਨ ਵੋਟਰ ਦਿਵਸ ਨੂੰ ਸਮਰਮਿਤ ਪ੍ਰੋਗਰਾਮ ਕਰਵਾਇਆ ਗਿਆ । ਪ੍ਰੋ ਦੀਪਇੰਦਰ ਸਿੰਘ ਦੁਆਰਾ ਆਏ ਹੋਏ ਮਹਿਮਾਨਾਂ ਦਾ ਰਸਮੀ ਸਵਾਗਤ ਕੀਤਾ ਗਿਆ । ਮੇਰਾ ਯੁਵਾ ਭਾਰਤ ਦੇ ਜ਼ਿਲ੍ਹਾ ਯੂਥ ਅਫ਼ਸਰ ਸ ਗੁਰਪ੍ਰੀਤ ਸਿੰਘ ਦੀ ਨੇ ਵਿਦਿਆਰਥੀਆਂ ਅਤੇ ਕਾਲਜ ਸਟਾਫ਼ ਨਾਲ ਵੋਟ ਪਾਉਣ ਅਤੇ ਇਸ ਦੀ ਵਰਤੋਂ ਦਾ ਪ੍ਰਣ ਲਿਆ। ਇਸ ਮੌਕੇ ਤੇ ਕਾਲਜ ਪ੍ਰਿੰਸੀਪਲ ਸ੍ਰੀਮਤੀ ਮੰਜੂ ਕਪੂਰ ਜੀ ਦੁਆਰਾ 18 ਸਾਲ ਤੋਂ ਵੱਧ ਉਮਰ ਦੇ ਵਿਦਿਆਰਥੀਆਂ ਨੂੰ ਆਪਣੀ ਵੋਟ ਬਣਾਉਣ ਅਤੇ ਇਸ ਦਾ ਸਹੀ ਇਸਤੇਮਾਲ ਕਰਨ ਦੀ ਅਪੀਲ ਕੀਤੀ ਤਾਂ ਜੋ ਪੜ੍ਹੇ ਲਿਖੇ ,ਇਮਾਨਦਾਰ ਅਤੇ ਮਿਹਨਤੀ ਪ੍ਰਤੀਨਿਧਾਂ ਦੀ ਚੋਣ ਕਰਕੇ ਵਰਗ ਨੌਜਵਾਨ ਦੇਸ਼ ਦੇ ਵਿਕਾਸ ਵਿੱਚ ਆਪਣਾ ਬਣਦਾ ਫਰਜ਼ ਨਿਭਾਉਣ । ਇਸ ਮੌਕੇ ਤੇ ਵੋਟਰ ਜਾਗਰੁਕਤਾ ਰੈਲੀ ਕੱਢੀ ਗਈ ਅਤੇ ਨਵੀਂ ਵੋਟ ਬਣਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ । ਪ੍ਰੋਗਰਾਮ ਦੇ ਅਖੀਰ ਵਿੱਚ ਡਾ. ਹਰਦਵਿੰਦਰ ਸਿੰਘ ਬਰਾੜ ਦੁਆਰਾ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਐਨ ਐੱਸ ਐੱਸ ਇੰਚਾਰਜ ਪ੍ਰੋ ਕੰਵਰਜੀਤ ਸਿੰਘ ਬਰਾੜ, ਪ੍ਰੋ ਹਰਮੀਤ ਕੌਰ, ਪ੍ਰੋ ਜਸਰਕਨ ਸਿੰਘ ,ਰਾਜਵਿੰਦਰ ਸਿੰਘ, ਗੁਰਕਪਾਲ ਸਿੰਘ ਲੱਕੀ ਅਤੇ ਵਿਦਿਆਰਥੀ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵਿਸ਼ੇਸ਼ ਸਿਹਤ ਕੈਂਪਾਂ ਵਿੱਚ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਸ਼ਿਰਕਤ




**ਕੋਟਕਪੂਰਾ, 29 ਜਨਵਰੀ (ਟਿੰਕੂ ਕੁਮਾਰ)** :- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਯੋਜਨਾ ਸੂਬੇ ਦੇ ਨਾਗਰਿਕਾਂ ਨੂੰ ਮੁਫ਼ਤ, ਸੁਲਭ ਅਤੇ ਗੁਣਵੱਤਾ-ਭਰਪੂਰ ਇਲਾਜ ਮੁਹੱਈਆ ਕਰਵਾਉਣ ਵੱਲ ਇੱਕ ਮਹੱਤਵਪੂਰਨ ਪਹਿਲ ਹੈ। ਇਸ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਫ਼ਰੀਦਕੋਟ ਵਿੱਚ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਲਗਾਤਾਰ ਵਿਸ਼ੇਸ਼ ਸਿਹਤ ਕੈਂਪ ਲਾਏ ਜਾ ਰਹੇ ਹਨ, ਤਾਂ ਜੋ ਹਰ ਵਰਗ ਦੇ ਲੋਕਾਂ ਤੱਕ ਸਰਕਾਰੀ ਸਿਹਤ ਸੇਵਾਵਾਂ ਪਹੁੰਚ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਲਗਾਏ ਗਏ ਸਿਹਤ ਕੈਂਪਾਂ ਦਾ ਮੁਆਇਨਾ ਕਰਨ ਮੌਕੇ ਕੀਤਾ। ਇਸ ਮੌਕੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਇਨ੍ਹਾਂ ਵਿਸ਼ੇਸ਼ ਸਿਹਤ ਕੈਂਪਾਂ ਵਿੱਚ ਸਿਹਤ ਵਿਭਾਗ ਦੇ ਮਾਹਿਰ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ ਵੱਲੋਂ ਆਮ ਬਿਮਾਰੀਆਂ ਦੀ ਜਾਂਚ, ਬਲੱਡ ਪ੍ਰੈਸ਼ਰ ਅਤੇ ਸ਼ੂਗਰ ਦੀ ਜਾਂਚ, ਲੋੜ ਅਨੁਸਾਰ ਦਵਾਈਆਂ ਦੀ ਮੁਫ਼ਤ ਵੰਡ ਅਤੇ ਸਿਹਤ ਸਬੰਧੀ ਜਾਗਰੂਕਤਾ ਸਲਾਹਾਂ ਦਿੱਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਲਾਭਪਾਤਰੀਆਂ ਦੇ ਕਾਰਡ ਬਣਾਉਣ, ਨਵੀਂ ਰਜਿਸਟਰੇਸ਼ਨ ਅਤੇ ਯੋਜਨਾ ਸਬੰਧੀ ਪੂਰੀ ਜਾਣਕਾਰੀ ਵੀ ਕੈਂਪਾਂ ਵਿੱਚ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਯੋਜਨਾ ਤਹਿਤ ਹਰੇਕ ਪਰਿਵਾਰ ਦਾ 10 ਲੱਖ ਤੱਕ ਦਾ ਸਾਲਾਨਾ ਕੈਸ਼ਲੈੱਸ ਇਲਾਜ ਕੀਤਾ ਜਾਵੇਗਾ। ਵਿਧਾਇਕ ਸ. ਸੇਖੋਂ ਨੇ ਅੱਗੇ ਦੱਸਿਆ ਕਿ ਅੱਜ ਕਿਲਾ ਨੌਂ, ਚੇਤ ਸਿੰਘ ਵਾਲਾ, ਸ਼ੇਰ ਸਿੰਘ ਵਾਲਾ, ਮਾਨੀ ਸਿੰਘ ਵਾਲਾ, ਕਿੰਗਰਾ, ਦੀਪ ਸਿੰਘ ਵਾਲਾ, ਮਚਾਕੀ ਖੁਰਦ, ਭੋਲੂਵਾਲਾ, ਮੱਲੇਵਾਲਾ, ਗੋਲੇਵਾਲਾ, ਸਾਧਾਂਵਾਲਾ ਅਤੇ ਸ਼ਹਿਰੀ ਵਾਰਡ ਨੰਬਰ 11 ਵਿੱਚ ਪਹੁੰਚ ਕੇ ਕੈਂਪਾਂ ਦੀ ਸਮੀਖਿਆ ਕੀਤੀ ਗਈ ਅਤੇ ਲੋਕਾਂ ਵੱਲੋਂ ਰੱਖੀਆਂ ਗਈਆਂ ਸਿਹਤ ਸੰਬੰਧੀ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣ ਕੇ ਸੰਬੰਧਿਤ ਅਧਿਕਾਰੀਆਂ ਨੂੰ ਤੁਰੰਤ ਹੱਲ ਲਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਗਏ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਫਰੀਦਕੋਟ ਸ. ਅਮਨਦੀਪ ਸਿੰਘ, ਸ. ਜਗਮੋਹਨ ਸਿੰਘ ਲੱਕੀ ਯੂਥ ਹਲਕਾ ਇੰਚਾਰਜ, ਸ. ਗੁਰਸ਼ਰਨ ਸਿੰਘ ਬਰਾੜ, ਸ. ਸਰਬਜੀਤ ਸਿੰਘ ਬਰਾੜ, ਸ.ਅਮਰਜੀਤ ਸਿੰਘ ਮਾਸਟਰ, ਸ. ਕੰਵਲਜੀਤ ਸਿੰਘ ਸਰਪੰਚ, ਸ. ਸਤਵਿੰਦਰ ਸਿੰਘ ਸਰਪੰਚ, ਸ. ਸ਼ਿਵਰਾਜ ਸਿੰਘ ਕਿੰਗਰਾ, ਸ. ਗੁਰਪ੍ਰੀਤ ਸਿੰਘ ਧਾਲੀਵਾਲ, ਸ. ਬਲਜੀਤ ਸਿੰਘ ਬੱਬੂ, ਸ. ਸੁਰਿੰਦਰ ਸਿੰਘ ਸਾਧਾਂਵਾਲਾ, ਸ. ਅਵਤਾਰ ਸਿੰਘ ਗੋਲੇਵਾਲਾ, ਸ. ਗੁਰਪ੍ਰੀਤ ਸਿੰਘ ਗੋਲੇਵਾਲਾ, ਸ. ਜਸਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਹਾਜ਼ਰ ਸਨ।

# ਸਪੀਕਰ ਵੱਲੋਂ ਦੁੱਧ ਤੇ ਦੁੱਧ ਤੋਂ ਬਣੀਆਂ ਚੀਜਾਂ 'ਚ ਮਿਲਾਵਟਖੋਰੀ ਨੂੰ ਨੱਥ ਪਾਉਣ ਲਈ ਜਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ

## ਦੁੱਧ ਅਤੇ ਦੁੱਧ ਤੋਂ ਬਨਣ ਵਾਲੀਆਂ ਚੀਜਾਂ ਵਿੱਚ ਮਿਲਾਵਟਖੋਰੀ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਸਪੀਕਰ ਸੰਧਵਾਂ



**ਕੋਟਕਪੂਰਾ, 29 ਜਨਵਰੀ (ਟਿੰਕੂ ਕੁਮਾਰ)** :- ਜਿਲ੍ਹੇ ਵਿੱਚ ਖਾਸਕਰ ਕੋਟਕਪੂਰਾ ਹਲਕੇ ਵਿੱਚ ਦੁੱਧ ਅਤੇ ਦੁੱਧ ਤੋਂ ਬਣਨ ਵਾਲੀਆਂ ਚੀਜਾਂ ਵਿੱਚ ਮਿਲਾਵਟਖੋਰੀ ਨੂੰ ਰੋਕਣ ਅਤੇ ਇਸ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਦੇ ਮੰਤਵ ਨਾਲ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਜਿਲ੍ਹਾ ਅਧਿਕਾਰੀਆਂ, ਹਲਵਾਈ ਯੂਨੀਅਨ, ਡੇਅਰੀ ਮਾਲਕਾਂ, ਕਰਿਆਨਾ ਯੂਨੀਅਨ ਤੇ ਐਨ.ਜੀ.ਓ. ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਰੀਵਿਊ ਮੀਟਿੰਗ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ, ਡਾ. ਪ੍ਰੱਗਿਆ ਜੈਨ ਐਸ.ਐਸ.ਪੀ. ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਸਪੀਕਰ ਸੰਧਵਾਂ ਨੇ ਕਿਹਾ ਕਿ ਦੁੱਧ ਜੋ ਕਿ ਰੋਜਾਨਾ ਵਰਤੋਂ ਵਿੱਚ ਆਉਂਦਾ ਹੈ, ਵਿੱਚ ਵੱਧ ਰਹੀ ਮਿਲਾਵਟਖੋਰੀ ਚਿੰਤਾ ਦਾ ਵਿਸ਼ਾ ਹੈ, ਜਿਸ ਨੂੰ ਹਰ ਕੀਮਤ 'ਤੇ ਨਕੇਲ ਪਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਿਲਾਵਟ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਮਿਲਾਵਟਖੋਰਾਂ ਨੂੰ ਸਖਤ ਕਾਨੂੰਨੀ ਸਜ਼ਾ ਦਿੱਤੀ ਜਾਵੇ, ਪਰ ਇਸ ਦੇ ਨਾਲ ਨਾਲ ਹਰ ਨਾਗਰਿਕ ਨੂੰ ਮਿਲਾਵਟਖੋਰੀ ਵਿਰੁੱਧ ਜਾਗੂਰਕ ਕਰਨਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਲੋਕਾਂ ਨੂੰ ਵੱਧ ਰਹੀ ਮਿਲਾਵਟਖੋਰੀ ਸਬੰਧੀ ਸ਼ੋਸ਼ਲ ਮੀਡੀਆ ਅਤੇ ਪ੍ਰਿੰਟ ਮੀਡੀਆ ਰਾਹੀਂ ਵੱਧ ਤੋਂ ਵੱਧ ਜਾਗੂਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਬ ਡਵੀਜ਼ਨ ਪੱਧਰ ਤੇ ਕਮੇਟੀਆਂ ਬਣਾਈਆਂ ਜਾਣ ਜੋ ਦੁਕਾਨਦਾਰਾਂ, ਹਲਵਾਈਆਂ ਨੂੰ ਦੁੱਧ ਅਤੇ ਦੁੱਧ ਤੋਂ ਬਣਨ ਵਾਲੀਆਂ ਚੀਜਾਂ ਪ੍ਰਤੀ ਜਾਗੂਰਕ ਕਰਨ। ਇਸ ਦੇ ਨਾਲ ਹੀ ਸਿੱਖਿਆ ਸੰਸਥਾਵਾਂ ਦੇ ਬਾਹਰ ਦੀਆਂ ਦੁਕਾਨਾਂ 'ਤੇ ਚੈਕਿੰਗ ਕੀਤੀ ਜਾਵੇ ਅਤੇ ਸਾਰੇ ਜਿਲ੍ਹੇ ਦੇ ਸਕੂਲਾਂ ਵਿੱਚ ਬੱਚਿਆਂ ਨੂੰ ਸਵੇਰੇ ਦੀਆਂ ਪ੍ਰਥਾਨਾ ਸਭਾਵਾਂ ਵਿੱਚ ਦੁੱਧ ਦੀ ਮਿਲਾਵਟਖੋਰੀ ਬਾਰੇ ਜਾਗੂਰਕ ਕੀਤਾ ਜਾਵੇ। ਸਪੀਕਰ ਸੰਧਵਾਂ ਨੇ ਕਿਹਾ ਕਿ ਦੁੱਧ ਦੀ ਸਪਲਾਈ ਚੇਨ ਤੇ ਪੂਰੀ ਨਿਗਰਾਨੀ ਰੱਖੀ ਜਾਵੇ ਅਤੇ ਵਿਕਰੀ ਸਥਾਨਾਂ 'ਤੇ ਅਚਨਚੇਤੀ ਚੈਕਿੰਗਾਂ ਵਧਾਈਆਂ ਜਾਣ ਅਤੇ ਦੁੱਧ ਦੀ ਜਾਂਚ ਦੇ ਕੈਂਪ ਜਾਰੀ ਰੱਖੇ ਜਾਣ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਸਪੀਕਰ ਪੰਜਾਬ ਵਿਧਾਨ ਸਭਾ ਨੂੰ ਦੱਸਿਆ ਕਿ ਉਨ੍ਹਾਂ ਵੱਲੋਂ ਪਹਿਲਾ ਜਾਰੀ ਹਦਾਇਤਾਂ ਅਨੁਸਾਰ ਮਿਲਾਵਟਖੋਰੀ ਨੂੰ ਰੋਕਣ ਲਈ ਟੋਲ ਫਰੀ ਨੰਬਰ ਜਾਰੀ ਕੀਤਾ ਜਾਵੇਗਾ। ਜਿਸ 'ਤੇ ਜਿਲ੍ਹੇ ਦਾ ਕੋਈ ਵੀ ਵਿਅਕਤੀ ਦੁੱਧ ਅਤੇ ਦੁੱਧ ਤੋਂ ਬਣਨ ਵਾਲੀਆਂ ਚੀਜਾਂ ਵਿੱਚ ਮਿਲਾਵਖੋਰੀ ਸਬੰਧੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਾਰੇ ਵਰਗਾਂ ਦਾ ਸਹਿਯੋਗ ਲੈ ਕੇ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ ਅਤੇ ਸਬ ਡਵੀਜਨ ਪੱਧਰ 'ਤੇ ਕਮੇਟੀਆਂ ਦਾ ਗਠਨ ਵੀ ਕੀਤਾ ਜਾਵੇਗਾ। ਇਸ ਮੌਕੇ ਐਸ.ਡੀ.ਐਮ. ਫਰੀਦਕੋਟ ਮੇਜਰ ਡਾ. ਵਰੁਣ ਕੁਮਾਰ, ਐਸ.ਡੀ.ਐਮ. ਕੋਟਕਪੂਰਾ ਸ੍ਰੀ ਸੂਰਜ ਕੁਮਾਰ, ਜੀ.ਏ. ਫਰੀਦਕੋਟ ਗੁਰਕਿਰਨਦੀਪ ਸਿੰਘ, ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ, ਹਰਵਿੰਦਰ ਸਿੰਘ ਫੂਡ ਸੇਫਟੀ ਅਫਸਰ, ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਨੀਲਮ ਰਾਣੀ, ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਮੈਡਮ ਅੰਜਨਾ ਕੌਂਸਲ, ਡਿਪਟੀ ਡਾਇਰੈਕਟਰ ਡੇਅਰੀ ਨਿਰਵੈਰ ਸਿੰਘ, ਡਾ. ਪਰਮਜੀਤ ਸਿੰਘ ਬਰਾੜ ਐਸ.ਐਮ.ਓ. ਫਰੀਦਕੋਟ, ਐਸ.ਐਮ.ਓ ਕੋਟਕਪੂਰਾ ਡਾ. ਹਰਿੰਦਰ ਗਾਂਧੀ, ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ ਗੁਰਮੀਤ ਸਿੰਘ ਆਰੇਵਾਲਾ, ਸੁਖਜੀਤ ਸਿੰਘ ਢਿੱਲਵਾਂ, ਸਾਧੂ ਰਾਮ ਕੁਸਲਾ ਓ.ਐਸ.ਡੀ., ਮਨਪ੍ਰੀਤ ਸਿੰਘ ਮਨੀ ਧਾਲੀਵਾਲ ਪੀ.ਆਰ.ਓ., ਸ਼ਿਵਜੀਤ ਸਿੰਘ ਸੰਘਾ, ਐਮ.ਸੀ. ਸਿਮਰਨਜੀਤ ਸਿੰਘ, ਹਰਦੀਪ ਸਿੰਘ, ਅਮਨਦੀਪ ਸਿੰਘ ਤੋਂ ਇਲਾਵਾ ਹਲਵਾਈ ਯੂਨੀਅਨ, ਦੋਧੀ ਯੂਨੀਅਰਨ, ਕਰਿਆਨਾ ਯੂਨੀਅਨ ਦੇ ਨੁਮਾਇੰਦੇ ਅਤੇ ਡੇਅਰੀ ਮਾਲਕ ਵੀ ਹਾਜ਼ਰ ਸਨ।

# ਸਪੀਕਰ ਸੰਧਵਾਂ ਨੇ ਹਲਕਾ ਕੋਟਕਪੂਰਾ ਵਿੱਚ ਵੱਖ ਵੱਖ ਸੜਕ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ

**ਕੋਟਕਪੂਰਾ 29 ਜਨਵਰੀ (ਟਿੰਕੂ ਕੁਮਾਰ)** :- ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਲਕਾ ਕੋਟਕਪੂਰਾ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਵੱਖ ਵੱਖ ਸੜਕ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ। ਇਨ੍ਹਾਂ ਪ੍ਰੋਜੈਕਟਾਂ ਵਿੱਚ ਪਿੰਡ ਸੰਧਵਾਂ ਤੋਂ ਸਿੱਖਾਂਵਾਲਾ ਤੱਕ, ਮੁਕਤਸਰ ਰੋਡ ਤੋਂ ਵਾਂਦਰ ਜਟਾਣਾ ਤੋਂ ਮਚਾਕੀ ਮੱਲ ਸਿੰਘ ਤੱਕ, ਕੋਟਕਪੂਰਾ ਤੋਂ ਕੋਠੇ ਧਾਲੀਵਾਲ ਦੁਆਰੇਆਣਾ ਹੁੰਦੇ ਹੋਏ ਢੀਮਾਂਵਾਲੀ ਤੱਕ ਅਤੇ ਕੋਟਕਪੂਰਾ ਤੋਂ ਸਿੱਖਾਂਵਾਲਾ ਤੋਂ ਨੱਥਵਾਲਾ ਟਾਵਰ ਤੱਕ ਸੜਕਾਂ ਦੇ ਨਿਰਮਾਣ/ਅਪਗ੍ਰੇਡੇਸ਼ਨ ਦੇ ਕੰਮ ਸ਼ਾਮਲ ਹਨ। ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਸੜਕ ਜਾਲ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਤਿਆਰ ਹੋਣ ਨਾਲ ਲੋਕਾਂ ਨੂੰ ਆਵਾਜਾਈ ਵਿੱਚ ਸੁਵਿਧਾ ਮਿਲੇਗੀ, ਸਮਾਂ ਅਤੇ ਪੈਸੇ ਦੀ ਬਚਤ ਹੋਵੇਗੀ ਅਤੇ ਕਿਸਾਨਾਂ ਨੂੰ ਆਪਣੀ ਫਸਲ ਮੰਡੀਆਂ ਤੱਕ ਲਿਜਾਣ ਵਿੱਚ ਆਸਾਨੀ ਹੋਵੇਗੀ। ਉਨ੍ਹਾਂ ਦੱਸਿਆ ਕਿ ਅੱਜ ਪਿੰਡ ਸੰਧਵਾਂ ਤੋਂ ਸਿੱਖਾਂਵਾਲਾ ਤੱਕ 249.70 ਲੱਖ ਰੁਪਏ, ਮੁਕਤਸਰ ਰੋਡ ਤੋਂ ਵਾਂਦਰ ਜਟਾਣਾ ਤੋਂ ਮਚਾਕੀ ਮੱਲ ਸਿੰਘ ਤੱਕ 318.92 ਲੱਖ, ਕੋਟਕਪੂਰਾ ਤੋਂ ਕੋਠੇ ਧਾਲੀਵਾਲ ਦੁਆਰੇਆਣਾ ਹੁੰਦੇ ਹੋਏ ਢੀਮਾਂਵਾਲੀ ਤੱਕ 1223.38 ਲੱਖ ਰੁਪਏ ਅਤੇ ਕੋਟਕਪੂਰਾ ਤੋਂ ਸਿੱਖਾਂਵਾਲਾ ਤੋਂ ਨੱਥੇਵਾਲਾ ਟਾਵਰ ਤੱਕ 581.44 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਨਿਰਮਾਣ/ਅਪਗ੍ਰੇਡੇਸ਼ਨ ਅਤੇ ਰਿਪੇਅਰ ਦਾ ਕੰਮ ਕੀਤਾ ਜਾਵੇਗਾ। ਸਪੀਕਰ ਸ.ਸੰਧਵਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਕੰਮ ਨਿਰਧਾਰਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਪੂਰੇ ਕੀਤੇ ਜਾਣ, ਤਾਂ ਜੋ ਆਮ ਲੋਕਾਂ ਨੂੰ ਇਸਦਾ ਪੂਰਾ ਲਾਭ ਮਿਲ ਸਕੇ। ਇਸ ਮੌਕੇ ਇਲਾਕੇ ਦੇ ਲੋਕਾਂ ਨੇ ਸਪੀਕਰ ਸ. ਸੰਧਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸੜਕਾਂ ਇਲਾਕੇ ਦੇ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਣਗੀਆਂ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ ਸ. ਗੁਰਮੀਤ ਸਿੰਘ ਆਰੇਵਾਲਾ, ਬੱਬੂ ਸੰਧੂ ਸਿੱਖਾਂ ਵਾਲਾ ਡਾਇਰੈਕਟਰ ਪੰਜਾਬ ਮੰਡੀ ਬੋਰਡ, ਸ. ਮਨਪ੍ਰੀਤ ਸਿੰਘ ਧਾਲੀਵਾਲ ਪੀ.ਆਰ.ਓ, ਸ. ਸੁਖਮੰਦਰ ਸਿੰਘ, ਸ. ਜਗਜੀਤ ਸਿੰਘ, ਸ. ਮੁਖਤਿਆਰ ਸਿੰਘ ਸਰਪੰਚ, ਸ. ਸੁਖਦੇਵ ਸਿੰਘ, ਸ. ਬਲਵੰਤ ਸਿੰਘ, ਸ. ਸੁਖਮੰਦਰ ਸਿੰਘ, ਸ. ਗੁਰਚਰਨ ਸਿੰਘ, ਸ. ਸ਼ਮਸ਼ੇਰ ਸਿੰਘ, ਸ. ਹਰਮੇਲ ਸਿੰਘ, ਸ. ਛਿੰਦਰਪਾਲ ਸਿੰਘ, ਸ. ਬਲਬੀਰ ਸਿੰਘ, ਸ. ਗੁਰਦੀਪ ਸਿੰਘ, ਹਰਬੰਸ ਸਿੰਘ ਸਰਪੰਚ ,ਪਰਗਟ ਸਿੰਘ ਗੋਰਾ ਬਰਾੜ , ਰਘਬੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# 'ਵਿਕਸਿਤ ਭਾਰਤ ਮਿਸ਼ਨ' ਦੇ ਤਹਿਤ ਸਕਿੱਲ ਭਾਰਤ ਐਸੋਸੀਏਸ਼ਨ ਵੱਲੋਂ ਰਾਸ਼ਟਰੀ ਪਹਿਲਕਦਮੀ, ਅਧਿਆਪਕ ਵਰਗ ਦਾ ਵੱਖ ਵੱਖ ਖੇਤਰਾਂ ਵਿੱਚ ਕੀਤਾ ਗਿਆ ਸਨਮਾਨ

## ਜਿੱਥੇ ਹੁਨਰ ਹੈ, ਉੱਥੇ ਮੌਕਾ ਹੈ; ਜਿੱਥੇ ਮੌਕਾ ਹੈ, ਉੱਥੇ ਵਿਕਾਸ ਹੈ- ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ





**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਰਵੀਨਾ ਅਰੋੜਾ)** ਦੇਸ਼ ਭਗਤ ਗਲੋਬਲ ਸਕੂਲ, ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ, ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਦੀ ਯੋਗ ਅਗਵਾਈ ਹੇਠ ਚਲ ਰਹੇ ਦੇਸ਼ ਭਗਤ ਗਲੋਬਲ ਸਕੂਲ ਵਿਖੇ ਸਕੂਲ ਪਰਿਵਾਰ ਪੁਰਸਕਾਰ 2026 ਆਯੋਜਿਤ ਕੀਤਾ ਗਿਆ।

ਵਿਕਸਿਤ ਭਾਰਤ ਮਿਸ਼ਨ ਦੇ ਤਹਿਤ ਸਕਿੱਲ ਭਾਰਤ ਐਸੋਸੀਏਸ਼ਨ ਦੁਆਰਾ ਇੱਕ ਮਹੱਤਵਪੂਰਣ ਰਾਸ਼ਟਰੀ ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ, ਜਿਸ ਅਧੀਨ ਅਧਿਆਪਕ ਵਰਗ ਦਾ ਸਨਮਾਨ ਕੀਤਾ ਗਿਆ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਸਿੱਖਿਆ ਖੇਤਰ ਵਿੱਚ ਅਧਿਆਪਕਾਂ ਦੇ ਅਹਿਮ ਯੋਗਦਾਨ ਨੂੰ ਮਾਨਤਾ ਦੇਣਾ ਅਤੇ ਉਨ੍ਹਾਂ ਨੂੰ ਸਮਾਜ ਵਿੱਚ ਯੋਗ ਸਨਮਾਨ ਪ੍ਰਦਾਨ ਕਰਨਾ ਸੀ। ਇਸ ਮੌਕੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਸਕੂਲ ਦੇ 'ਵਿਕਸਿਤ ਭਾਰਤ ਮਿਸ਼ਨ' ਦੇ ਮੈਂਬਰ ਬਣਨ ਤੇ ਖ਼ੁਸ਼ੀ ਜ਼ਾਹਰ ਕੀਤੀ।

ਇਸ ਪ੍ਰੋਗਰਾਮ ਤਹਿਤ ਸਕੂਲ ਨਾਲ ਜੁੜੇ ਵਰਗ ਦਾ ਉਨ੍ਹਾਂ ਦੀ ਨਿਸ਼ਠਾ, ਮੇਹਨਤ ਅਤੇ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਕੀਤੇ ਉਪਰਾਲਿਆਂ ਦੇ ਆਧਾਰ 'ਤੇ ਸਨਮਾਨਿਤ ਕੀਤਾ ਗਿਆ। ਸਕਿੱਲ ਭਾਰਤ ਐਸੋਸੀਏਸ਼ਨ ਦੇ ਅਧਿਕਾਰੀਆਂ ਨੇ ਦੱਸਿਆ ਕਿ ਵਿਕਸਿਤ ਭਾਰਤ ਦੀ ਨੀਂਹ ਮਜ਼ਬੂਤ ਸਿੱਖਿਆ ਪ੍ਰਣਾਲੀ 'ਤੇ ਟਿਕੀ ਹੋਈ ਹੈ ਅਤੇ ਇਸ ਵਿੱਚ ਅਧਿਆਪਕ ਵਰਗ ਦੀ ਭੂਮਿਕਾ ਕੇਂਦਰੀ ਹੈ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਅਧਿਆਪਕਾਂ ਲਈ ਸਕਿੱਲ ਡਿਵੈਲਪਮੈਂਟ, ਡਿਜ਼ੀਟਲ ਸਿੱਖਿਆ ਅਤੇ ਨਵੀਂ ਸਿੱਖਿਆ ਨੀਤੀ ਨਾਲ ਸੰਬੰਧਿਤ ਜਾਣਕਾਰੀ ਵੀ ਸਾਂਝੀ ਕੀਤੀ। ਆਯੋਜਕਾਂ ਅਨੁਸਾਰ ਇਹ ਪਹਿਲਕਦਮੀ ਅਧਿਆਪਕਾਂ ਨੂੰ ਹੋਰ ਉਤਸ਼ਾਹਿਤ ਕਰੇਗੀ ਅਤੇ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣ ਦੇ ਲਕਸ਼ ਨੂੰ ਮਜ਼ਬੂਤ ਕਰੇਗੀ।

ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ 'ਵਿਕਸਿਤ ਭਾਰਤ ਮਿਸ਼ਨ' ਦੇ ਤਹਿਤ ਸਕਿੱਲ ਭਾਰਤ ਐਸੋਸੀਏਸ਼ਨ ਵੱਲੋਂ ਕੀਤੀ ਗਈ ਇਹ ਰਾਸ਼ਟਰੀ ਪਹਿਲਕਦਮੀ ਸਰਾਹਣਯੋਗ ਹੈ। ਅਧਿਆਪਕ ਵਰਗ ਦਾ ਵੱਖ-ਵੱਖ ਖੇਤਰਾਂ ਵਿੱਚ ਸਨਮਾਨ ਕਰਨਾ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਅਧਿਆਪਕ ਹੀ ਦੇਸ਼ ਦੇ ਭਵਿੱਖ ਦੇ ਨਿਰਮਾਤਾ ਹੁੰਦੇ ਹਨ ਅਤੇ ਇਸ ਤਰ੍ਹਾਂ ਦੇ ਸਨਮਾਨ ਉਨ੍ਹਾਂ ਨੂੰ ਨਵੀਂ ਉਰਜਾ, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੇ ਹਨ। ਪ੍ਰਿੰਸੀਪਲ ਡਾਕਟਰ ਜਿੰਦਲ ਨੇ ਸਕਿੱਲ ਭਾਰਤ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਯਤਨ ਵਿਕਸਿਤ ਅਤੇ ਆਤਮਨਿਰਭਰ ਭਾਰਤ ਦੀ ਰਚਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ਼ ਨਰਸਿੰਗ ਦੇ ਪ੍ਰਿੰਸੀਪਲ ਰੁਪਿੰਦਰ ਬੁੱਟਰ, ਵਾਇਸ ਪ੍ਰਿੰਸੀਪਲ, ਮਨਜਿੰਦਰ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੈਸੀ ਦੇ ਪ੍ਰਿੰਸੀਪਲ ਮਨੀਸ਼ ਜੋਸ਼ੀ, ਆਈਟੀ ਕੈਂਪਸ ਦੇ ਡੀ ਜੀ ਐੱਮ ਵਰਿੰਦਰ ਮਦਾਨ, ਸੁਪ੍ਰਿੰਟੈਂਡੈਂਟ ਅਤੇ ਮੀਡੀਆ ਕੋਆਰਡੀਨੇਟਰ, ਦੇਸ਼ ਭਗਤ ਕੈਂਪਸ ਮੇਜਰ ਮਹਿਤਾ , ਅਕਾਊਂਟੈਂਟ ਦੇਸ਼ ਭਗਤ ਕੈਂਪਸ ਨਵਦੀਪ ਸਿੰਘ, ਸੁਪਰਵਾਈਜ਼ਰ ਦੇਸ਼ ਭਗਤ ਕੈਂਪਸ ਦਿਲਬਾਗ ਸਿੰਘ ਬਾਗੀ ਅਤੇ ਸਮੂਹ ਸਟਾਫ ਮੌਜੂਦ ਸੀ।

# ਗਣਤੰਤਰ ਦਿਵਸ ਮੌਕੇ ਡਰੀਮਲੈਂਡ ਸਕੂਲ ਦੀਆਂ ਵਿਦਿਆਰਥਣਾਂ ਸਨਮਾਨਿਤ



**ਕੋਟਕਪੂਰਾ, 29 ਜਨਵਰੀ (ਟਿੰਕੂ ਕੁਮਾਰ)** :- ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਮੌਕੇ ਸ੍ਰੀ ਸੰਜੀਵ ਅਰੋੜਾ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ, ਊਰਜਾ ਮੰਤਰੀ ਅਤੇ ਮੈਡਮ ਪੂਨਮਦੀਪ ਕੌਰ ਡਿਪਟੀ ਕਮਿਸ਼ਨਰ, ਮੈਡਮ ਨਿਲਾਂਬਰੀ ਜਗਦਲੇ ਆਈ.ਜੀ., ਡਾ ਪ੍ਰਗਿਆ ਜੈਨ ਐਸਐਸਪੀ ਵੱਲੋਂ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਡਰੀਮਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਦੀਆਂ ਬਾਰ੍ਹਵੀਂ ਜਮਾਤ ਦੀਆਂ ਤਿੰਨ ਵਿਦਿਆਰਥਣਾਂ ਕੁਲਦੀਪ ਸ਼ਰਮਾ ਸਪੁੱਤਰੀ ਮਨਜਿੰਦਰ ਕੁਮਾਰ ਅਤੇ ਸਿਮਰਨਜੋਤ ਕੌਰ ਸਪੁੱਤਰੀ ਲਖਵਿੰਦਰਜੀਤ ਸਿੰਘ ਬਰਾੜ ਨੇ (496/500) ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ ਚੌਥਾ ਸਥਾਨ ਅਤੇ ਖੁਸ਼ਦੀਪ ਕੌਰ ਸਪੁੱਤਰੀ ਜਗਮੋਹਨ ਸਿੰਘ ਨੇ (488/500) ਅੰਕ ਪ੍ਰਾਪਤ ਕਰਕੇਪੰਜਾਬ ਵਿੱਚੋਂ 12ਵਾਂ ਸਥਾਨ ਹਾਸਿਲ ਕਰਨ ਅਤੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਚੇਅਰਮੈਨ ਸ੍ਰੀ ਪ੍ਰਕਾਸ਼ ਚੰਦ ਸ਼ਰਮਾ ਜੀ ਨੇ ਵਿਦਿਆਰਥਣਾਂ ਦੀ ਇਸ ਵਧੀਆ ਕਾਰਗੁਜ਼ਾਰੀ ਸਕੂਲ ਸਟਾਫ ਤੇ ਮਾਪਿਆਂ ਨੂੰ ਵਧਾਈ ਦਿੱਤੀ। ਵਿਦਿਆਰਥਣਾਂ ਦੀ ਇਸ ਪ੍ਰਾਪਤੀ 'ਤੇ ਸਕੂਲ ਦੇ ਪ੍ਰਿੰਸੀਪਲ ਰਾਕੇਸ਼ ਸ਼ਰਮਾ ਨੇ ਵਿਦਿਆਰਥਣਾਂ ਦੀ ਅਣਥੱਕ ਮਿਹਨਤ ਦੀ ਪ੍ਰਸੰਸਾ ਕਰਦਿਆਂ ਵਧਾਈ ਦਿੰਦਿਆਂ ਅੱਗੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਤੇਜ ਸਿੰਘ ਖੋਸਾ ਚੇਅਰਮੈਨ ਜਿਲਾ ਯੋਜਨਾ ਬੋਰਡ ਫਰੀਦਕੋਟ, ਗਗਨਦੀਪ ਸਿੰਘ ਧਾਲੀਵਾਲ ਚੇਅਰਮੈਨ ਇੰਪਰੂਵਮੈਂਟ ਟਰੱਸਟ ਫਰੀਦਕੋਟ ਸਮੇਤ ਬੇਅੰਤ ਕੌਰ ਸੇਖੋਂ ਧਰਮਪਤਨੀ ਗੁਰਦਿੱਤ ਸਿੰਘ ਸੇਖੋਂ ਵਿਧਾਇਕ ਫਰੀਦਕੋਟ ਆਦਿ ਵੀ ਹਾਜਰ ਸਨ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ



**ਸਮਰਾਲਾ, 29 ਜਨਵਰੀ ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਪੁਰਬ ਜੋ 1 ਫਰਵਰੀ ਦਿਨ ਐਤਵਾਰ ਨੂੰ ਸਥਾਨਕ ਬੇਗਮਪੁਰਾ ਸ੍ਰੀ ਗੁਰੂ ਰਵੀਦਾਸ ਮੰਦਿਰ ਸਮਰਾਲਾ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਅੱਜ ਸਮਰਾਲਾ ਵਿਖੇ ਪ੍ਰਧਾਨ ਮੁਕੇਸ਼ ਕੁਮਾਰ ਤਨੂੰ ਦੀ ਪ੍ਰਧਾਨਗੀ ਹੇਠ ਸ਼ੋਭਾ ਯਾਤਰਾ ਸਜਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਮਲਜੀਤ ਸਿੰਘ ਬੰਗੜ ਸਾਬਕਾ ਸਕੱਤਰ ਨੇ ਦੱਸਿਆ ਕਿ ਗੁਰਪੁਰਬ ਮੌਕੇ ਇਹ ਸ਼ੋਭਾ ਯਾਤਰਾ ਸ੍ਰੀ ਗੁਰੂ ਰਵਿਦਾਸ ਮੰਦਿਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਦੀ ਹੁੰਦੀ ਹੋਈ ਵਾਪਸ ਸ੍ਰੀ ਗੁਰੂ ਰਵੀਦਾਸ ਮੰਦਿਰ ਵਿਖੇ ਸਮਾਪਤ ਹੋਈ। ਇਸ ਸ਼ੋਭਾ ਯਾਤਰਾ ਦੇ ਸਵਾਗਤ ਲਈ ਬਜ਼ਾਰ ਵਿੱਚ ਥਾਂ ਥਾਂ ਤੇ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ ਸਨ। ਉਨ੍ਹਾਂ ਅੱਗੇ ਦੱਸਿਆ ਕਿ 1 ਫਰਵਰੀ ਨੂੰ ਮਨਾਏ ਜਾ ਰਹੇ ਸ੍ਰੀ ਗੁਰੂ ਰਵੀਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਮੌਕੇ ਸ੍ਰੀ ਅੰਮ੍ਰਿਤ ਬਾਣੀ ਦੇ ਭੋਗ ਪਾਏ ਜਾਣਗੇ, ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ੋਭਾ ਯਾਤਰਾ ਵਿੱਚ ਸ਼ਹਿਰ ਦੀਆਂ ਵੱਖ ਵੱਖ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ, ਜਿਨ੍ਹਾਂ ਵਿੱਚ ਪ੍ਰਮੁੱਖ ਤੌਰ ਤੇ ਭਾਜਪਾ ਆਗੂ ਨਿਸ਼ੂ ਸ਼ਰਮਾ ਚਹਿਲਾਂ, ਹਰਜੋਧ ਸਿੰਘ ਸਰਪੰਚ, ਕਮਲਜੀਤ ਬੰਗੜ, ਕਾਮਰੇਡ ਭਜਨ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ, ਗੁਰਦੀਪ ਸਿੰਘ ਲੰਮ੍ਹ, ਕੈਪਟਨ ਬਲਜਿੰਦਰ ਸਿੰਘ, ਗੁਰਪ੍ਰੀਤ ਸਿੰਘ ਮਰਾੜ ਹੈੱਡ ਗ੍ਰੰਥੀ, ਮਨਪ੍ਰੀਤ ਸਿੰਘ ਮਨੀ, ਲਾਲੀ, ਗੁਰਪ੍ਰੀਤ ਸਿੰਘ ਗੋਗਾ, ਮਹੇਸ਼ ਕੁਮਾਰ ਮੋਨੂੰ, ਧਰਮ ਸਿੰਘ ਪੱਪੀ, ਸਰਬਜੀਤ ਸਰਬਾ, ਨਿਰਮਲ ਨਿੰਮਾ, ਬਹਾਦਰ ਸਿੰਘ, ਬੱਬੂ, ਮਨਦੀਪ ਟੀਨੂੰ, ਗੁਰਮੀਤ ਸਿੰਘ ਪੰਮੀ, ਲਵੀ, ਰੋਹਿਤ, ਅੰਮ੍ਰਿਤ, ਹਰਮਨ, ਸੁੱਖ, ਬੱਬੂ ਅਤੇ ਵਾਲਮੀਕ ਕਮੇਟੀ ਦੇ ਰਾਮ ਜੀ ਦਾਸ ਮੱਟੂ, ਤਰਸੇਮ ਕਲਿਆਣ, ਲਖਵੀਰ ਚੰਦ ਮੱਟੂ, ਰਾਜਿੰਦਰ ਸਿੰਘ ਮੱਟੂ, ਰਘਵੀਰ ਸਿੰਘ, ਮਿੰਟੂ ਸਿੰਘ, ਕੁਲਵਿੰਦਰ ਸਿੰਘ ਬਿੰਦਾ ਆਦਿ ਤੋਂ ਇਲਾਵਾ ਸ਼ਹਿਰ ਨਿਵਾਸੀ ਸ਼ਾਮਲ ਸਨ।

# ਪ੍ਰੋ ਆਰ ਡੀ ਬਾਂਸਲ ਦੀ ਯਾਦ ਨੂੰ ਸਮਰਪਿਤ ਸਲਾਨਾ ਇਨਾਮ ਵੰਡ ਸਮਾਰੋਹ 01 ਫਰਵਰੀ ਨੂੰ



**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਰਵੀਨਾ ਅਰੋੜਾ)** ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੁਕਤਸਰ ਦੇ ਫਾਊਂਡਰ ਆਨਰੇਰੀ ਜਨਰਲ ਸਕੱਤਰ( ਮੁਖੀ ਪੋਸਟ ਗਰੈਜੂਏਟ ਗਣਿਤ ਵਿਭਾਗ, ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਅਤੇ ਸਾਬਕਾ ਸੈਨਟ ਮੈਂਬਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ) ਪ੍ਰੋਫੈਸਰ ਆਰ. ਡੀ. ਬਾਂਸਲ ਦੀ ਨਿੱਘੀ ਯਾਦ ਨੂੰ ਸਮਰਪਿਤ ਸਲਾਨਾ ਇਨਾਮ ਵੰਡ ਸਮਾਰੋਹ ਸਥਾਨਕ ਜਲਾਲਾਬਾਦ ਰੋਡ ਸਥਿਤ ਜ਼ਿਲਾ ਕ੍ਰਿਕਟ ਐਸੋਸੀਏਸ਼ਨ ਦੇ ਗਰਾਊਂਡ ਨੈਸ਼ਨਲ ਪਬਲਿਕ ਸਕੂਲ ਵਿਖੇ ਮਿਤੀ 01 ਫਰਵਰੀ ਦਿਨ ਐਤਵਾਰ ਨੂੰ ਦੁਪਹਿਰ ਬਾਅਦ 4.00 ਵਜੇ ਹੋਵੇਗਾ। ਇਸ ਦੌਰਾਨ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੁਕਤਸਰ ਦੇ ਪੀ ਸੀ ਏ ਮੋਹਾਲੀ ਰਾਹੀਂ ਬੀ ਸੀ ਸੀ ਆਈ ਦੇ ਕੌਮੀ ਪੱਧਰ ਤੇ ਘਰੇਲੂ ਮੈਚ ਖੇਡਣ ਵਾਲੇ ਖਿਡਾਰੀ ਤੇ ਪੀ ਸੀ ਏ ਵੱਲੋਂ ਵੱਖ-ਵੱਖ ਉਮਰ ਵਰਗਾਂ ਦੇ ਕੈਂਪਾਂ ਤੇ ਸ਼ੇਰੇ ਪੰਜਾਬ ਕ੍ਰਿਕਟ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਇੰਟਰ ਸਕੂਲ/ ਅਕੈਡਮੀ ਅੰਡਰ- 14 ਕ੍ਰਿਕਟ ਲੀਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਜ਼ਿਲੇ ਦੀਆਂ 15 ਟੀਮਾਂ ਦੇ ਲਗਭਗ 200 ਤੋਂ ਵਧੇਰੇ ਖਿਡਾਰੀਆਂ ਨੇ ਭਾਗ ਲਿਆ ਸੀ, ਦਾ ਫਾਈਨਲ ਮੈਚ ਵੀ ਹੋਵੇਗਾ ਜੋ ਸਵੇਰੇ 10.00 ਵਜੇ ਸ਼ੁਰੂ ਹੋਵੇਗਾ।

# ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਬੱਸ ਰਵਾਨਾ



**ਗਿੱਦੜਬਾਹਾ, 29 ਜਨਵਰੀ (ਕੁਲਭੂਸ਼ਨ ਗਰਗ)**- ਸ਼੍ਰੀ ਸ਼ਿਆਮ ਮਿੱਤਰ ਮੰਡਲ ਗਿੱਦੜਬਾਹਾ ਵੱਲੋਂ ਗਿਆਰਸ ਦੇ ਸਬੰਧ ਵਿੱਚ ਗਿੱਦੜਬਾਹਾ ਤੋਂ ਸ਼੍ਰੀ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਇੱਕ ਵਿਸ਼ੇਸ਼ ਬੱਸ ਰਵਾਨਾ ਕੀਤੀ ਗਈ। ਇਸ ਤਹਿਤ ਬੀਤੀ ਰਾਤ ਗਿਆਰਸ ਮੌਕੇ ਸ਼੍ਰੀ ਸ਼ਿਆਮ ਮਿੱਤਰ ਮੰਡਲ ਗਿੱਦੜਬਾਹਾ ਵੱਲੋਂ 26ਵੀਂ ਬੱਸ ਯਾਤਰਾ ਗਿੱਦੜਬਾਹਾ ਤੋਂ ਸ਼੍ਰੀ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਭੇਜੀ ਗਈ। ਇਸ ਸੰਬੰਧੀ ਮੰਡਲ ਦੇ ਚੇਅਰਮੈਨ ਕੈਲਾਸ਼ ਸ਼ਾਸਤਰੀ ਅਤੇ ਪ੍ਰਧਾਨ ਤਰਸੇਮ ਕੁਮਾਰ ਲੋਹਾਕਾਰ ਨੇ ਦੱਸਿਆ ਕਿ ਇਸ ਬੱਸ ਨੂੰ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਵਿਕੀ ਗਰਗ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਬੱਸ ਵਿੱਚ ਲਗਭਗ 55 ਸ਼ਰਧਾਲੂਆਂ ਦਾ ਜੱਥਾ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਇਆ। ਸ਼ਰਧਾਲੂਆਂ ਦੇ ਰਹਿਣ ਅਤੇ ਭੋਜਨ ਦੀ ਵਿਵਸਥਾ ਸੰਸਥਾ ਵੱਲੋਂ ਕੀਤੀ ਗਈ ਹੈ। ਇਹ ਬੱਸ ਸ਼੍ਰੀ ਖਾਟੂ ਸ਼ਿਆਮ ਅਤੇ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨ ਕਰਵਾਉਣ ਤੋਂ ਬਾਅਦ ਵਾਪਸੀ ਦੌਰਾਨ ਸ਼੍ਰੀ ਇੱਛਾਪੂਰਨੀ ਮੰਦਰ ਦੇ ਵੀ ਦਰਸ਼ਨ ਕਰਵਾਉਂਦੀ ਹੋਈ ਮੁੜ ਗਿੱਦੜਬਾਹਾ ਵਾਪਸ ਆਵੇਗੀ। ਇਸ ਮੌਕੇ ਰਵੀ ਸ਼ਰਮਾ, ਜੇ.ਕੇ. ਸ਼ਰਮਾ, ਜਤਿੰਦਰ ਕੁਮਾਰ, ਨਿਤੀਸ਼ ਪੁਨਿਹਾਨੀ, ਹਰਪਾਲ ਮਹਿਰਾ, ਬਬਲੂ ਸੋਨੀ, ਕ੍ਰਿਸ਼ਨ ਗਰਗ, ਪਵਨ ਗਿਰਧਰ, ਸਨੀ ਜਾਂਗਰ, ਰਾਹੁਲ ਸ਼ਰਮਾ, ਨਰੇਸ਼ ਸ਼ਰਮਾ, ਜੱਸੀ ਜੁਐਲਰ, ਸੋਨਾ ਮਿਸਤਰੀ, ਰਾਮਲਾਲ ਸ਼ਰਮਾ, ਤਰਸੇਮ ਸ਼ਰਮਾ, ਸੁਭਾਸ਼ ਕੁਮਾਰ ਆਦਿ ਹਾਜ਼ਰ ਸਨ।

# ਪ੍ਰਭਾਤ ਫੇਰੀ ਦੌਰਾਨ ਸ਼੍ਰੀ ਗੁਰੂ ਰਵਿਦਾਸ ਜੀ ਦਾ ਕੀਤਾ ਗੁਣਗਾਨ



**ਦੋਰਾਹਾ 29 ਜਨਵਰੀ (ਗੁਰਵੀਰ ਸਿੰਘ ਮਾਂਗਟ)** ਸ੍ਰੀ ਗੁਰੂ ਰਵਿਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਗੁਰੂ ਰਵਿਦਾਸ ਕਮੇਟੀ ਵੱਲੋਂ ਕੱਢੀਆਂ ਜਾ ਰਹੀਆਂ ਪ੍ਰਭਾਤ ਫੇਰੀਆਂ ਤਹਿਤ ਅੱਜ ਪ੍ਰਭਾਤ ਫੇਰੀ ਦਾ ਪੜਾਅ ਰੱਖਿਆ ਗਿਆ ਜਿਥੇ ਸੰਤ ਕਬੀਰ ਜੀ ਭਜਨ ਮੰਡਲੀ ਦੁਆਰਾ ਜਗਤ ਗੁਰੂ ਰਵਿਦਾਸ ਜੀ ਦੇ ਰਾਜਸਥਾਨੀ ਭਾਸ਼ਾ ਵਿੱਚ ਗੁਣਗਾਨ ਕੀਤੇ ਗਏ।ਗੁਰੂ ਰਵਿਦਾਸ ਜੀ ਨੇ ਮਨੁੱਖਤਾ ਨੂੰ ਬਰਾਬਰੀ, ਪ੍ਰੇਮ ਅਤੇ ਸੱਚਾਈ ਦਾ ਰਾਹ ਦਿਖਾਇਆ। ਉਨ੍ਹਾਂ ਦੀ ਸਿੱਖਿਆ ਅਨੁਸਾਰ ਸਭ ਮਨੁੱਖ ਇਕੋ ਰੱਬ ਦੀ ਰਚਨਾ ਹਨ, ਇਸ ਲਈ ਜਾਤ-ਪਾਤ, ਉੱਚ-ਨੀਚ ਦਾ ਭੇਦ ਭਾਵ ਗਲਤ ਹੈ। ਗੁਰੂ ਜੀ ਨੇ ਕਿਹਾ ਕਿ ਸੱਚੀ ਭਗਤੀ ਉਹ ਹੈ ਜੋ ਮਨ ਨੂੰ ਪਵਿੱਤਰ ਕਰੇ ਅਤੇ ਕਰਮਾਂ ਵਿੱਚ ਦਇਆ, ਨਿਮਰਤਾ ਅਤੇ ਸੇਵਾ ਲਿਆਵੇ। ਉਨ੍ਹਾਂ ਦੀ ਸੋਚ ਅੱਜ ਵੀ ਸਮਾਜ ਨੂੰ ਏਕਤਾ, ਭਾਈਚਾਰੇ ਅਤੇ ਨਿਆਂ ਦਾ ਸੁਨੇਹਾ ਦਿੰਦੀ ਹੈ। ਇਸ ਮੌਕੇ ਸੰਗਤਾਂ ਨੇ ਸ਼ਰਧਾ ਨਾਲ ਭਜਨਾਂ ਦਾ ਆਨੰਦ ਮਾਣਿਆ। ਇਸ ਮੌਕੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਸਭ ਨੂੰ ਸਾਂਝੀਵਾਲਤਾ ਦਾ ਸੰਦੇਸ਼ ਦਿੰਦੇ ਹੋਏ ਗੁਰੂ ਰਵਿਦਾਸ ਜੀ ਆਗਮਨ ਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਸੰਗਤ ਨੂੰ ਚਾਹ ਪਕੌੜਿਆਂ ਦਾ ਲੰਗਰ ਵੀ ਛਕਾਇਆ ਗਿਆ। ਇਸ ਮੌਕੇ 7 ਪ੍ਰਭਾਤ ਫੇਰੀਆਂ 22 ਤੋ 28 ਜਨਵਰੀ ਤੱਕ ਕੱਢੀਆਂ ਗਈਆਂ 29 ਤਰੀਕ ਨੂੰ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 31ਤਰੀਕ ਨੂੰ ਭੋਗ ਪਾਏ ਜਾਣਗੇ 01 ਫਰਵਰੀ ਨੂੰ ਵਿਸ਼ਾਲ ਨਗਰ ਕੀਰਤਨ ਕੱਢਿਆ ਜਾਵੇਗਾ ਅਤੇ ਇਸ ਮੌਕੇ ਨਿਹੰਗ ਸਿੰਘ ਆਪਣੇ ਗੱਤਕਾ ਦੇ ਜੋਹਰ ਦਿਖਾਉਣਗੇ,ਤਿੰਨੇ ਦਿਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਕਮੇਟੀ ਪ੍ਰਧਾਨ ਹਰਭਜਨ ਸਿੰਘ ਮੀਤ ਪ੍ਰਧਾਨ ਮੰਗਤ ਸਿੰਘ ਸੈਕਟਰੀ ਸਿਮਰਨਜੋਤ ਸਿੰਘ ਮੇਜਰ ਸਿੰਘ ਬਾਬਾ ਹਰਦੀਪ ਸਿੰਘ ਮੋਟਾ, ਡਾ:ਰਿੰਕੂ,ਵਿਸ਼ਾਲ, ਗੋਤਾ ਜੋਤ, ਸੁੱਖਾ, ਪੈਰੀ, ਰਾਜੂ, ਜਗਰੂਪ, ਅਰਸ਼, ਸੇਵਕ,ਛੋਟਾ,ਸਿਹਜਦੀਪ ਕੀਰਤ,ਜੱਸੂ ਆਦਿ ਸੇਵਾਦਾਰ ਹਾਜ਼ਰ ਸਨ।

# ਧੂਰੀ ਹਲਕੇ ਵਿੱਚ ਸੁੰਦਰੀਕਰਨ ਅਤੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ



**ਸੰਗਰੂਰ 29 ਜਨਵਰੀ (ਸ਼ਰਮਾ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਸ਼ਹਿਰ ਦੇ ਸਰਵਪੱਖੀ ਵਿਕਾਸ ਅਤੇ ਆਧੁਨਿਕ ਸ਼ਹਿਰੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਚੁੱਕਦੇ ਹੋਏ, ਮੁੱਖ ਮੰਤਰੀ ਦੇ ਓ.ਐਸ.ਡੀ ਸ. ਸੁਖਵੀਰ ਸਿੰਘ ਵੱਲੋਂ ਅੱਜ ਧੂਰੀ ਹਲਕੇ ਵਿੱਚ ਕੁੱਲ 4.78 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੁੰਦਰੀਕਰਨ ਅਤੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਧੂਰੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਸਮੇਤ ਸੁੰਦਰੀਕਰਨ ਵੱਲ ਵੀ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਖ਼ੁਦ ਨਿਗਰਾਨੀ ਕਰ ਰਹੇ ਹਨ।

ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਦੇ ਵਾਰਡ ਨੰਬਰ 18 ਵਿਖੇ ਕਰੀਬ 47 ਲੱਖ ਰੁਪਏ ਅਤੇ ਵਾਰਡ ਨੰਬਰ 1 ਵਿਖੇ ਕਰੀਬ 70 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਇਨ੍ਹਾਂ ਵਾਰਡਾਂ ਵਿੱਚ ਨਵੀਂ ਬਲਾਕ ਟਾਈਲਾਂ ਲਗਾਉਣ ਸਮੇਤ ਹੋਰ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾਵੇਗਾ ਤਾਂ ਜੋ ਵਾਰਡ ਵਾਸੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 1 ਵਿੱਚ ਸੀਵਰੇਜ ਦੀ ਸਮੱਸਿਆ ਦੇ ਸਥਾਈ ਹੱਲ ਲਈ ਖ਼ਾਕਾ ਤਿਆਰ ਕਰ ਲਿਆ ਗਿਆ ਹੈ ਤੇ ਬਹੁਤ ਜਲਦ ਇਸ ਸਮੱਸਿਆ ਨੂੰ ਖ਼ਤਮ ਕਰ ਦਿੱਤਾ ਜਾਵੇ।

ਧੂਰੀ ਸ਼ਹਿਰ ਵਿੱਚ ਵਿਕਾਸ ਕਾਰਜ ਸ਼ੁਰੂ ਕਰਵਾਉਣ ਸਮੇਤ ਅੱਜ ਧੂਰੀ ਦੇ ਐਂਟਰੀ ਪੁਆਇੰਟਾਂ ਦੇ ਕਰੀਬ 3.61 ਕਰੋੜ ਰੁਪਏ ਨਾਲ ਹੋਣ ਵਾਲੇ ਸੁੰਦਰੀਕਰਨ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮਲੇਰਕੋਟਲਾ ਵਾਲੇ ਪਾਸੇ ਤੋਂ ਧੂਰੀ ਦੇ ਮੁੱਖ ਐਂਟਰੀ ਪੁਆਇੰਟ ਦੇ ਸੁੰਦਰੀਕਰਨ ਅਤੇ ਅਪਗ੍ਰੇਡੇਸ਼ਨ 'ਤੇ ਕਰੀਬ 1.90 ਕਰੋੜ ਰੁਪਏ ਨਾਲ ਅਤੇ ਬਾਗੜੀਆਂ/ਨਾਭਾ ਵਾਲੇ ਪਾਸੇ ਤੋਂ ਧੂਰੀ ਦੇ ਐਂਟਰੀ ਪੁਆਇੰਟ ਦੇ ਸੁੰਦਰੀਕਰਨ ਅਤੇ ਅਪਗ੍ਰੇਡੇਸ਼ਨ 'ਤੇ ਕਰੀਬ 1.71 ਕਰੋੜ ਰੁਪਏ ਖਰਚ ਕੀਤੇ ਜਾਣਗੇ ਜਿਸ ਨਾਲ ਸ਼ਹਿਰ ਦੇ ਦਾਖ਼ਲੇ ਨੂੰ ਆਕਰਸ਼ਕ ਦਿੱਖ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਐਂਟਰੀ ਗੇਟਾਂ ਵਾਲੇ ਕੱਚੇ ਸਥਾਨ 'ਤੇ ਇੰਟਰਲਾਕਿੰਗ ਟਾਈਲਾਂ ਲਗਾਈਆਂ ਜਾਣਗੀਆਂ ਅਤੇ ਨਵੇਂ ਬੂਟੇ ਲਗਾਉਣ ਸਮੇਤ ਸੜਕ ਵਿਚਾਲੇ ਡਵਾਈਡਰ, ਪਾਮ ਦੇ ਦਰੱਖਤ, ਫੈਨਸੀ ਲਾਈਟਾਂ, ਬੈਠਣ ਲਈ ਕੁਰਸੀਆਂ, ਸਾਈਨ ਬੋਰਡ, ਵੈੱਲਕਮ ਬੋਰਡ ਅਤੇ ਐਲ.ਈ.ਡੀ. ਨਾਲ ਬਣੇ ਪਾਮ ਟਰੀ ਬਣਾਏ ਜਾਣਗੇ ਜੋ ਧੂਰੀ ਸ਼ਹਿਰ ਵਿੱਚ ਦਾਖ਼ਲੇ ਸਮੇਂ ਸ਼ਹਿਰ ਨੂੰ ਨਵੀਂ ਦਿੱਖ ਪ੍ਰਦਾਨ ਕਰਨਗੇ। ਸ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹਿਰੀ ਵਿਕਾਸ, ਬੁਨਿਆਦੀ ਢਾਂਚੇ ਅਤੇ ਲੋਕ-ਹਿਤੈਸ਼ੀ ਪ੍ਰੋਜੈਕਟਾਂ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ, ਤਾਂ ਜੋ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਵਿੱਚ ਸੰਤੁਲਿਤ, ਪਾਰਦਰਸ਼ੀ ਅਤੇ ਟਿਕਾਊ ਵਿਕਾਸ ਯਕੀਨੀ ਬਣਾਇਆ ਜਾ ਸਕੇ।ਇਸ ਮੌਕੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਅਨਵਰ ਭਸੌੜ, ਡਾਇਰੈਕਟਰ ਲਘੂ ਉਦਯੋਗ ਨਿਗਮ ਅਨਿਲ ਮਿੱਤਲ, ਡਾਇਰੈਕਟਰ ਸ਼ੂਗਰਫੈੱਡ ਜਸਪਾਲ ਭੁੱਲਰ, ਪੁਸ਼ਪਿੰਦਰ ਸ਼ਰਮਾ, ਰਮਨਦੀਪ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ,ਰਛਪਾਲ ਸਿੰਘ ਭੁੱਲਰ, ਅਮਨਜੋਤ ਕੌਰ, ਰਾਜੀਵ ਚੌਧਰੀ, ਅਸ਼ਵਨੀ ਧੀਰ, ਸੰਦੀਪ ਤਿਆਲ, ਗਗਨ ਜਵੰਦਾ, ਵੀਰਭਾਨ, ਅਜੈਬ ਸਿੰਘ, ਬਲਜੀਤ ਕੌਰ ਅਤੇ ਸੁਖਪਾਲ ਸਿੰਘ, ਰੂਬਲ, ਰੁਪਿੰਦਰ ਭੁੱਲਰ, ਪੰਜਾਬ ਮੰਡੀ ਬੋਰਡ, ਡਾ. ਕੁਲਜੀਤ ਧਵਨ, ਹਰਪ੍ਰੀਤ ਸਿੰਘ ਮੀਮਾਂਸਾ, ਐਡਵੋਕੇਟ ਹੈਪੀ ਗਰਗ ਅਤੇ ਵਾਰਡ ਨੰਬਰ 17, 18 ਅਤੇ 1 ਦੇ ਵੱਡੀ ਗਿਣਤੀ ਵਾਸੀ ਮੌਜੂਦ ਸਨ।

# ਮਲੋਟ ਵਿੱਚ ਯੁਵਾ ਆਪਦਾ ਮਿੱਤਰ ਟਰੇਨਿੰਗ ਪ੍ਰੋਗਰਾਮ ਅਧੀਨ ਵਲੰਟੀਅਰਾਂ ਦੀ ਸੱਤ ਦਿਨਾਂ ਟਰੇਨਿੰਗ ਦਾ ਦੂਸਰਾ ਦਿਨ ਆਯੋਜਿਤ



**ਮਲੋਟ, 29 ਜਨਵਰੀ (ਹਰਦੀਪ ਸਿੰਘ ਖਾਲਸਾ)** ਮਲੋਟ ਵਿਖੇ ਯੁਵਾ ਆਪਦਾ ਮਿੱਤਰ ਪ੍ਰੋਗਰਾਮ ਅਧੀਨ ਲੁਧਿਆਣਾ, ਫਿਰੋਜ਼ਪੁਰ ਅਤੇ ਫਰੀਦਕੋਟ ਜ਼ਿਲ੍ਹਿਆਂ ਦੇ ਵਲੰਟੀਅਰਾਂ ਲਈ ਚਲ ਰਹੀ ਸੱਤ ਦਿਨਾਂ ਦੀ ਟਰੇਨਿੰਗ ਦੇ ਦੂਸਰੇ ਦਿਨ ਵੱਖ-ਵੱਖ ਆਪਦਾਵਾਂ ਨਾਲ ਨਜਿੱਠਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਵਲੰਟੀਅਰਾਂ ਨੂੰ ਭਾਰਤੀ ਰਿਸਪਾਂਸ ਸਿਸਟਮ (Indian Response System) ਬਾਰੇ ਜਾਣੂ ਕਰਵਾਇਆ ਗਿਆ। ਟਰੇਨਿੰਗ ਪ੍ਰੋਗਰਾਮ ਤਹਿਤ 19 ਪੰਜਾਬ ਬਟਾਲੀਅਨ ਐਨ.ਸੀ.ਸੀ. ਲੁਧਿਆਣਾ ਦੇ ਵਲੰਟੀਅਰ ਮਲੋਟ ਅਕੈਡਮੀ ਵਿਖੇ ਪਹੁੰਚੇ। ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ (ਮੇਗਸੀਪਾ) ਵੱਲੋਂ ਵਲੰਟੀਅਰਾਂ ਨੂੰ ਆਪਦਾ ਪ੍ਰਬੰਧਨ ਸਬੰਧੀ ਟਰੇਨਿੰਗ ਦਿੱਤੀ ਜਾ ਰਹੀ ਹੈ। ਕੋਰਸ ਕੋਆਰਡੀਨੇਟਰ ਅੰਕੁਰ ਸ਼ਰਮਾ ਵੱਲੋਂ ਵਲੰਟੀਅਰਾਂ ਨੂੰ ਭੂਚਾਲ ਦੇ ਤੇਜ਼ ਝਟਕਿਆਂ ਤੋਂ ਬਚਾਅ ਲਈ ਅਪਣਾਏ ਜਾਣ ਵਾਲੇ ਵੱਖ-ਵੱਖ ਤਰੀਕੇ ਪ੍ਰੈਕਟਿਕਲ ਰਾਹੀਂ ਸਿਖਾਏ ਗਏ। ਇਸਦੇ ਨਾਲ ਹੀ ਸਚਿਨ ਸ਼ਰਮਾ ਵੱਲੋਂ ਵੱਖ-ਵੱਖ ਕਿਸਮ ਦੀਆਂ ਆਪਦਾਵਾਂ ਨਾਲ ਨਜਿੱਠਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਉਨਾਂ ਦੱਸਿਆ ਕਿ ਟਰੇਨਿੰਗ ਦੌਰਾਨ ਮੇਗਸੀਪਾ ਦੀ ਪੂਰੀ ਟੀਮ ਅਤੇ 19 ਪੰਜਾਬ ਬਟਾਲੀਅਨ ਐਨ.ਸੀ.ਸੀ. ਦਾ ਸਟਾਫ਼ ਸਰਗਰਮ ਭੂਮਿਕਾ ਨਿਭਾ ਰਿਹਾ ਹੈ।

# ਸੂਬੇ ਦੀ ਜਨਤਾ ਮਾਨ ਸਰਕਾਰ ਦੇ ਕੰਮਾਂ ਤੋਂ ਖੁਸ਼, 2027 ਵਿੱਚ ਮੁੜ ਤੋਂ ਸਰਕਾਰ ਬਨਣੀ ਤੈਅ : ਕੈਬਨਿਟ ਮੰਤਰੀ ਭੁੱਲਰ

## ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਗ੍ਰਹਿ ਵਿਖੇ ਹੋਇਆ ਵੱਡਾ ਇਕੱਠ



**ਸ੍ਰੀ ਮੁਕਤਸਰ ਸਾਹਿਬ, 29 ਜਨਵਰੀ (ਜਸਪ੍ਰੀਤ ਸਿੰਘ)** : ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਗ੍ਰਹਿ ਵਿਖੇ ਵਰਕਰਾਂ ਦੀ ਅਹਿਮ ਮੀਟਿੰਗ ਹੋਈ ਜਿਸ ਦੇ ਵੱਡੇ ਇਕੱਠ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਵਰਕਰਾਂ ਨੂੰ ਸੰਬੋਧਨ ਕਰਨ ਲਈ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵਿਸ਼ੇਸ਼ ਤੌਰ ਤੇ ਪਹੁੰਚੇ ।ਇਸ ਮੌਕੇ ਪਾਰਟੀ ਦੇ ਅਹੁਦੇਦਾਰਾਂ ਤੋਂ ਇਲਾਵਾ ਵਰਕਰਾਂ ਸਮੇਤ ਹੋਰ ਹਾਜ਼ਰ ਸਨ।

ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਆਖਿਆ ਕਿ ਸੂਬੇ ਦੀ ਮਾਨ ਸਰਕਾਰ ਵੱਲੋਂ ਲੋਕ ਪੱਖੀ ਫੈਸਲੇ ਲਏ ਜਾ ਰਹੇ ਹਨ ।ਜਿਨ੍ਹਾਂ ਦਾ ਪੰਜਾਬ ਵਾਸੀਆਂ ਨੂੰ ਪੂਰਾ ਲਾਹਾ ਮਿਲ ਰਿਹਾ ਹੈ ।ਇਸ ਮੌਕੇ ਬੋਲਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਪਾਰਟੀ ਵਰਕਰਾਂ ਦੀ ਮਿਹਨਤ ਸਦਕਾ ਹੀ ਅੱਜ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ ।ਉਨ੍ਹਾਂ ਕਿਹਾ ਕਿ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦਾ ਹਮੇਸ਼ਾ ਸਤਿਕਾਰ ਕੀਤਾ ਜਾਵੇਗਾ ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਲੋਕ ਭਲਾਈ ਸਕੀਮਾਂ ਨੂੰ ਹਰ ਘਰ ਤੱਕ ਪਹੁੰਚਾਇਆ ਜਾਵੇ। ਮੰਤਰੀ ਭੁੱਲਰ ਨੇ ਅਕਾਲੀ ਦਲ ਤੇ ਵਰ੍ਹਦਿਆਂ ਆਖਿਆ ਕਿ ਕਿਸੇ ਵੇਲੇ ਮਾਝਾ ਅਕਾਲੀ ਦਲ ਦੀ ਰਾਜਧਾਨੀ ਹੁੰਦੀ ਸੀ ਹੁਣ ਉਸੇ ਰਾਜਧਾਨੀ ਤੋਂ ਲੋਕਾਂ ਨੇ ਅਕਾਲੀ ਦਲ ਨੂੰ ਮਾਂਜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬਿਨ੍ਹਾਂ ਗੁਰੂ ਨਾਲ ਮੱਥਾ ਲਗਾਇਆ ਉਨ੍ਹਾਂ ਦਾ ਕੱਖ ਨਹੀਂ ਰਿਹਾ ।ਜਦੋਂ ਤੱਕ ਅਕਾਲੀ ਦਲ ਵਿੱਚ ਸੁਖਬੀਰ ਸਿੰਘ ਬਾਦਲ ਤੇ ਬਿਕਰਮ ਮਜੀਠਿਆ ਹਨ ਉਦੋਂ ਤੱਕ ਅਕਾਲੀ ਦਲ ਸਰਵਾਈਵ ਨਹੀਂ ਕਰ ਸਕਦਾ। ਇਸੇ ਤਰ੍ਹਾਂ ਕਾਂਗਰਸ ਦੇ ਕਲੇਸ਼ ਨੇ ਵੀ ਕਾਂਗਰਸ ਖਤਮ ਕਰਕੇ ਰੱਖ ਦਿੱਤੀ ਹੈ। ਜੇ ਪੰਜਾਬ ਦਾ ਭਲਾ ਕਰ ਸਕਦੀ ਹੈ ਤਾਂ ਉਹ ਸਿਰਫ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਅਤੇ ਮੁੱਖਮੰਤਰੀ ਭਗਵੰਤ ਸਿੰਘ ਮਾਨ ਲੋਕਾਂ ਦੇ ਮਸੀਹਾ ਹਨ ਜ਼ੋ ਦਿਨ ਰਾਤ ਮਿਹਨਤ ਕਰਕੇ ਪੰਜਾਬ ਦੀ ਗੱਡੀ ਨੂੰ ਲੀਹ ਤੇ ਲੈ ਆਏ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਤਗੜੇ ਹੋ ਜਾਓ 2027 ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਮੁੜ ਲੈਕੇ ਆਉਣੀ ਹੈ ।ਇਸ ਤੋਂ ਇਲਾਵਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਪਿਛਲੇ ਦਿਨੀਂ ਜ਼ੋ ਚੋਣਾਂ ਹੋਈਆਂ ਸਨ ਉਹ ਹਾਰਨ ਦਾ ਕਾਰਨ ਸੀ ਆਪਸੀ ਧੜੇਬੰਦੀ ਜਿਸ ਦਾ ਨੁਕਸਾਨ ਪਾਰਟੀ ਨੂੰ ਹੋਇਆ ਹੈ ।ਉਨ੍ਹਾਂ ਕਿਹਾ ਕਿ ਹੁਣ ਵੀ ਸਮਾਂ ਹੈ ਆਪਸੀ ਧੜੇਬੰਦੀ ਛੱਡਕੇ ਪਾਰਟੀ ਦੇ ਬੈਨਰ ਹੇਠਾਂ ਇਕੱਠੇ ਹੋਕੇ ਆਉਣ ਵਾਲੀਆਂ ਚੋਣਾਂ ਲੜੀਏ ।ਉਨ੍ਹਾਂ ਕਿਹਾ ਕਿ 2027 ਵਿੱਚ ਫਿਰ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਨਣਾ ਤੈਅ ਹੈ। ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਸਨਮਾਨਿਤ ਵੀ ਕੀਤਾ ਗਿਆ ।ਇਸ ਮੌਕੇ ਜਿਲ੍ਹਾ ਪ੍ਰਧਾਨ ਜਸ਼ਨ ਬਰਾੜ ਲੱਖੇਵਾਲੀ, ਚੇਅਰਮੈਨ ਕੋਆਪਰੇਟਿਵ ਜਗਦੇਵ ਸਿੰਘ ਬਾਮ, ਮੀਤ ਖੁੱਡੀਆ ਟਿੰਮਾ, ਚੇਅਰਮੈਨ ਮਾਰਕਿਟ ਕਮੇਟੀ ਸੁਰਜੀਤ ਸਿੰਘ ਸੰਧੂ, ਚੇਅਰਮੈਨ ਮਾਰਕਿਟ ਕਮੇਟੀ ਬਰੀਵਾਲਾ ਰਾਜਿੰਦਰ ਸਿੰਘ ਬਰਾੜ, ਟਰੱਕ ਯੂਨੀਅਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਬੱਬਲੂ ਬਰਾੜ, ਵਾਈਸ ਕੋਆਰਡੀਨੇਟਰ ਜੈ ਚੰਦ ਭੰਡਾਰੀ, ਸਰਪੰਚ ਗੁਰਲਾਲ ਸਿੰਘ, ਬਲਰਾਜ ਸਿੰਘ ਭੁੱਲਰ, ਜਗਸੀਰ ਸਿੰਘ ਸੰਧੂ, ਤਰਲੋਚਨ ਸਿੰਘ ਸੰਧੂ, ਬਲਵਿੰਦਰ ਸਿੰਘ ਖਾਲਸਾ, ਕੇਵਲ ਕ੍ਰਿਸ਼ਨ ਗੋਇਲ, ਪਰਮਜੀਤ ਸਿੰਘ ਪੰਮਾ ਨੰਬਰਦਾਰ, ਮੇਜਰ ਸਿੰਘ, ਮਿੱਕੀ ਫੱਤਣਵਾਲਾ, ਹਰਜਿੰਦਰ ਸਿੰਘ ਔਲਖ, ਇਕਬਾਲ ਸਿੰਘ ਫੱਤਣਵਾਲਾ, ਅੰਗਰੇਜ਼ ਸਿੰਘ ਪ੍ਰਧਾਨ ਬੀਸੀ ਵਿੰਗ, ਹਰਦੀਪ ਸਿੰਘ ਕੌਂਸਲਰ ਪ੍ਰਧਾਨ ਐਸਸੀ ਵਿੰਗ, ਉਪਕਾਰ ਸਿੰਘ, ਗੁਰਮੀਤ ਸਿੰਘ ਸੈਕਟਰੀ, ਇਕਬਾਲ ਸਿੰਘ, ਜਗਦੀਪ ਸਿੰਘ ਢਿੱਲੋਂ, ਅਜਵਿੰਦਰ ਸਿੰਘ ਰਾਜੂ ਪੂਨੀਆਂ ਆਦਿ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਸਰਕਾਰੀ ਕਾਲਜ ਲੜਕੀਆਂ ਦੀ ਵਿਦਿਆਰਥਣ ਨੇ ਲਗਵਾਈ ਆਕਾਸ਼ਵਾਣੀ ਜਲੰਧਰ ਵਿਖੇ ਹਾਜ਼ਰੀ



**ਮਾਲੇਰਕੋਟਲਾ 29 ਜਨਵਰੀ (ਸ਼ਰਮਾ)** ਪ੍ਰਿੰਸੀਪਲ ਡਾ. ਅਨੀਲਾ ਸੁਲਤਾਨਾ ਜੀ ਦੀ ਗਤੀਸ਼ੀਲ ਅਗਵਾਈ ਹੇਠ, ਸਥਾਨਕ ਸਰਕਾਰੀ ਕਾਲਜ ਲੜਕੀਆਂ, ਮਾਲੇਰਕੋਟਲਾ ਦੀਆਂ ਵਿਦਿਆਰਥਣਾਂ ਵੱਖ ਵੱਖ ਖੇਤਰਾਂ ਵਿੱਚ ਕਾਲਜ ਦਾ ਨਾਮ ਰੋਸ਼ਨ ਕਰ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਾਈਸ ਪ੍ਰਿੰਸੀਪਲ, ਪ੍ਰੋ. ਕਮਲ ਕਿਸ਼ੋਰ ਨੇ ਦੱਸਿਆ ਕਿ ਹਾਲ ਹੀ ਵਿੱਚ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਕਰਵਾਏ ਗਏ ਸੋਲ੍ਹਵੇਂ ਰਾਸ਼ਟਰੀ ਵੋਟਰ ਦਿਵਸ ਦੇ ਸਬੰਧ ਵਿੱਚ, ਜ਼ਿਲ੍ਹਾ ਪੱਧਰੀ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਕਾਲਜ ਦੀ ਬੀ.ਕਾਮ ਭਾਗ ਪਹਿਲਾ ਦੀ ਵਿਦਿਆਰਥਣ ਮੁਨੱਜ਼ਾ ਸਾਜਿਦ ਪੁੱਤਰੀ ਮੁਹੰਮਦ ਸਾਜਿਦ ਪਹਿਲੇ ਸਥਾਨ ਤੇ ਰਹੀ। ਜਿਸ ਨੂੰ ਸ਼੍ਰੀ ਗੁਰਮੀਤ ਕੁਮਾਰ, ਐੱਸ.ਡੀ.ਐੱਮ. ਮਾਲੇਰਕੋਟਲਾ ਜੀ ਵਲੋਂ ਸਨਮਾਨਿਤ ਕੀਤਾ ਗਿਆ। ਇਸਦੇ ਨਾਲ ਹੀ ਕਾਲਜ ਦੀ ਬੀ.ਏ. ਭਾਗ ਤੀਜਾ ਦੀ ਵਿਦਿਆਰਥਣ ਸਾਨੀਆ ਗਨੀ ਪੁੱਤਰੀ ਸ਼੍ਰੀ ਅਬਦੁਲ ਗਨੀ ਨੇ ਆਕਾਸ਼ਵਾਣੀ ਜਲੰਧਰ ਵਲੋਂ ਆਯੋਜਿਤ ਯੰਗਿਸਤਾਨ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਲਗਵਾਈ। ਪ੍ਰਿੰਸੀਪਲ ਅਤੇ ਸਮੂਹ ਸਟਾਫ ਮੈਂਬਰਾਨ ਨੇ ਦੋਨੋਂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਮੁਬਾਰਕਬਾਦ ਪੇਸ਼ ਕੀਤੀ ਅਤੇ ਉਨ੍ਹਾਂ ਦੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ। ਪ੍ਰਿੰਸੀਪਲ ਡਾ. ਅਨੀਲਾ ਸੁਲਤਾਨਾ ਜੀ ਨੇ ਬਾਕੀ ਵਿਦਿਆਰਥਣਾਂ ਨੂੰ ਵੀ ਅਜਿਹੇ ਮੁਕਾਮ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ।

# 77ਵੇਂ ਗਣਤੰਤਰ ਦਿਵਸ 'ਤੇ ਪ੍ਰੋ ਆਰ ਸੀ ਢੰਡ ਦਾ ਵਿਸ਼ੇਸ਼ ਸਨਮਾਨ ਕੀਤਾ

**ਸ੍ਰੀ ਚਮਕੌਰ ਸਾਹਿਬ 28 ਜਨਵਰੀ ਅਮਰਜੀਤ ਸਿੰਘ ਕਲਸੀ** - 77 ਵੇ ਗਣਤੰਤਰ ਦਿਵਸ ਤੇ ਐਸ ਡੀ ਐਮ ਸਰਦਾਰ ਅਮਰੀਕ ਸਿੰਘ ਸਿੱਧੂ , ਡੀ ਐਸ ਪੀ ਸਰਦਾਰ ਮਨਜੀਤ ਸਿੰਘ ਔਲਖ ਅਤੇ ਤਹਿਸੀਲਦਾਰ ਸਾਹਿਬ ਵੱਲੋ ਪ੍ਰੋ ਆਰ ਸੀ ਢੰਡ ਮੁੱਖ ਪ੍ਰਬੰਧਕ ਮਾਤਾ ਸੱਤਿਆ ਦੇਵੀ ਸੀਨੀਅਰ ਸਿਟੀਜਨ ਹੋਮ ਅਤੇ ਐਸ ਐਸ ਮੈਮੋਰੀਅਲ ਐਜੂਕੇਸ਼ਨਲ ਸੋਸਾਇਟੀ ਨੂੰ ਉਹਨਾਂ ਵੱਲੋ ਕੀਤੇ ਜਾ ਰਹੇ ਬਜ਼ੁਰਗਾ ਦੀ ਸੇਵਾ ਨੂੰ ਦੇਖਦੇ ਹੋਏ ਸਨਮਾਨਿਤ ਕੀਤਾ ਗਿਆ। ਇਸ ਤੋ ਪਹਿਲਾ 16 ਜਨਵਰੀ 2026 ਸਾਡੇ ਬਜ਼ੁਰਗ ਸਾਡਾ ਮਾਣ ਰਾਜ ਪੱਧਰੀ ਪ੍ਰੋਗਰਾਮ ਵਿਖੇ ਪੰਜਾਬ ਦੀ ਸਮਜਿਕ ਸੁਰੱਖਿਆ ਬਾਲ ਵਿਕਾਸ ਵਿਭਾਗ ਦੀ ਕੈਬਨੇਟ ਮੰਤਰੀ ਡਾਕਟਰ ਬਲਜੀਤ ਕੌਰ ,ਵਿਭਾਗ ਦੇ ਐਡੀਸ਼ਨਲ ਮੁੱਖ ਸਕੱਤਰ ਅਤੇ ਡਾਇਰੈਕਟਰ ਵੱਲੋ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ ਹੈ। ਪ੍ਰੋ ਢੰਡ ਸਾਹਿਬ ਨੇ ਵਿਰਧ ਆਸ਼ਰਮ ਨੂੰ ਚਲਾਉਣ ਲਈ ਐਸ ਡੀ ਐਮ ਸਾਹਿਬ ਅਤੇ ਪੁਲਿਸ ਵਿਭਾਗ ਦੇ ਸਹਿਯੋਗ ਲਈ ਧੰਨਵਾਦ ਕੀਤਾ।

